ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ

SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ








VOL-11 ISSUE 1794 | 7 July, 2024 Sunday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260







# ਪੀ.ਓ.ਕੇ ਵਾਪਸ ਲਵਾਂਗੇ... ਜੰਮੂ-ਕਸ਼ਮੀਰ ਵਿਧਾਨ ਸਭਾ ਚੋਣਾਂ ਇਕੱਲੇ ਲੜੇਗੀ ਭਾਜਪਾ


**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਜੰਮੂ-ਕਸ਼ਮੀਰ 'ਚ ਵਿਧਾਨ ਸਭਾ ਚੋਣਾਂ ਦਾ ਐਲਾਨ ਜਲਦ ਹੀ ਹੋਣ ਜਾ ਰਿਹਾ ਹੈ। ਮੰਨਿਆ ਜਾ ਰਿਹਾ ਹੈ ਕਿ ਧਾਰਾ 370 ਅਤੇ 35ਏ ਨੂੰ ਰੱਦ ਕੀਤੇ ਜਾਣ ਤੋਂ ਬਾਅਦ ਪਹਿਲੀ ਵਾਰ ਅਜਿਹਾ 19 ਅਗਸਤ ਤੋਂ ਤੁਰੰਤ ਬਾਅਦ ਹੋਣ ਦੀ ਸੰਭਾਵਨਾ ਹੈ। ਮਹੀਨਾ ਭਰ ਚੱਲਣ ਵਾਲੀ ਅਮਰਨਾਥ ਯਾਤਰਾ ਖਤਮ ਹੋਣ 'ਤੇ ਵਿਧਾਨ ਸਭਾ ਚੋਣਾਂ ਹੋ ਸਕਦੀਆਂ ਹਨ। ਭਾਜਪਾ ਨੇ ਆਪਣੇ ਚੋਣ ਮਨੋਰਥ ਪੱਤਰ 'ਤੇ ਚਰਚਾ ਕਰਨ ਦੀ ਹੱਦ ਤੱਕ ਤਿਆਰੀ ਸ਼ੁਰੂ ਕਰ ਦਿੱਤੀ ਹੈ, ਜੋ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀਓਕੇ) ਨੂੰ ਵਾਪਸ ਲੈਣ ਦਾ ਵਾਅਦਾ ਕਰ ਸਕਦਾ ਹੈ।ਸੂਤਰਾਂ ਨੇ ਇਹ ਵੀ ਦਾਅਵਾ ਕੀਤਾ ਕਿ ਚੋਣਾਂ ਤੋਂ ਪਹਿਲਾਂ ਕੋਈ ਗਠਜੋੜ ਨਹੀਂ ਹੋਵੇਗਾ ਅਤੇ ਭਾਜਪਾ ਸਾਰੀਆਂ 90 ਸੀਟਾਂ 'ਤੇ ਚੋਣ ਲੜੇਗੀ। ਹੱਦਬੰਦੀ ਤੋਂ ਬਾਅਦ ਜੰਮੂ-ਕਸ਼ਮੀਰ ਦੀਆਂ ਕੁੱਲ ਸੀਟਾਂ ਵਧ ਕੇ 114 ਹੋ ਗਈਆਂ, ਜਿਨ੍ਹਾਂ 'ਚੋਂ 24 ਸੀਟਾਂ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ 'ਚ ਹਨ। ਹਾਲਾਂਕਿ, ਸੂਤਰਾਂ ਨੇ ਦੱਸਿਆ ਕਿ ਭਾਜਪਾ ਚੋਣਾਂ ਤੋਂ ਬਾਅਦ "ਸਾਂਝੀ ਸੋਚ ਵਾਲੀਆਂ ਪਾਰਟੀਆਂ" ਨਾਲ ਗਠਜੋੜ ਲਈ "ਖੁੱਲ੍ਹੀ" ਹੈ। ਸੂਤਰਾਂ ਮੁਤਾਬਕ ਭਾਜਪਾ ਕਿਸੇ ਮੁੱਖ ਮੰਤਰੀ ਦੇ ਚਿਹਰੇ ਨਾਲ ਚੋਣ ਨਹੀਂ ਲੜੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੱਧ ਪ੍ਰਦੇਸ਼, ਛੱਤੀਸਗੜ੍ਹ ਜਾਂ ਰਾਜਸਥਾਨ ਵਿਧਾਨ ਸਭਾ ਚੋਣਾਂ ਵਾਂਗ ਪ੍ਰਚਾਰ ਦਾ ਚਿਹਰਾ ਹੋਣਗੇ। ਭਾਜਪਾ ਦੇ ਸਿਖਰਲੇ ਨੇਤਾਵਾਂ ਨੇ ਆਪਣੀ ਸੂਬਾਈ ਲੀਡਰਸ਼ਿਪ ਨੂੰ ਚੋਣ ਮਨੋਰਥ ਪੱਤਰ 'ਤੇ ਚਰਚਾ ਸ਼ੁਰੂ ਕਰਨ ਲਈ ਕਿਹਾ ਹੈ, ਜਿਸ ਵਿੱਚ ਪੀਓਕੇ ਨੂੰ ਵਾਪਸ ਲੈਣ ਦਾ ਮੁੱਦਾ ਪ੍ਰਮੁੱਖਤਾ ਨਾਲ ਪੇਸ਼ ਹੋਣ ਦੀ ਸੰਭਾਵਨਾ ਹੈ। ਭਾਜਪਾ ਆਪਣੇ ਚੋਣ ਮਨੋਰਥ ਪੱਤਰ ਵਿੱਚ ਮਹਾਰਾਜਾ ਹਰੀ ਸਿੰਘ ਦੀ ਵਿਰਾਸਤ ਦੀ ਵਰਤੋਂ ਕਰ ਸਕਦੀ ਹੈ-ਪੁਰਾਣੇ ਰਿਆਸਤ ਦੇ ਹਿੰਦੂ ਰਾਜੇ, ਜਿਸਨੇ ਭਾਰਤ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਸੀ। ਇਸ ਦੌਰਾਨ, ਜੰਮੂ ਵਿੱਚ ਹੋਈ ਇੱਕ ਹੋਰ ਮੀਟਿੰਗ ਵਿੱਚ, ਜਿਸ ਵਿੱਚ ਭਾਜਪਾ ਦੇ ਜੰਮੂ-ਕਸ਼ਮੀਰ ਦੇ ਚੋਣ ਇੰਚਾਰਜ ਜੀ ਕਿਸ਼ਨ ਰੈਡੀ ਅਤੇ ਇੰਚਾਰਜ ਤਰੁਣ ਚੁੱਘ ਵੀ ਮੌਜੂਦ ਸਨ, ਚੁੱਘ ਨੇ ਇਕਾਈ ਨੂੰ ਕਿਹਾ ਕਿ ਉਹ ਹਾਲ ਹੀ ਵਿੱਚ ਸਮਾਪਤ ਹੋਏ ਲੋਕ ਸਭਾ ਵਿੱਚ ਅਨੰਤਨਾਗ-ਰਾਜੌਰੀ ਵਿੱਚ ਪੀਡੀਪੀ ਦਾ ਸਮਰਥਨ ਕਰੇਗੀ। ਮਹਿਬੂਬਾ ਮੁਫਤੀ ਨੇ ਬਾਰਾਮੂਲਾ ਸੀਟਾਂ 'ਤੇ ਨੈਸ਼ਨਲ ਕਾਨਫਰੰਸ ਦੇ ਉਮਰ ਅਬਦੁੱਲਾ ਦੀ ਚੋਣ ਹਾਰ ਦਾ "ਲਾਹਾ ਲਿਆ"। ਸੂਤਰਾਂ ਮੁਤਾਬਕ ਭਾਜਪਾ ਪ੍ਰਚਾਰ ਦੌਰਾਨ ਜੰਮੂ-ਕਸ਼ਮੀਰ ਬੈਂਕ ਘੁਟਾਲੇ ਅਤੇ ਰੋਸ਼ਨੀ ਘੁਟਾਲੇ ਦੇ ਮੁੱਦੇ ਜ਼ੋਰਦਾਰ ਢੰਗ ਨਾਲ ਚੁੱਕੇਗੀ। ਕਈ ਗਤੀਵਿਧੀਆਂ ਵਿਚਾਲੇ ਜੇਪੀ ਨੱਡਾ ਸ਼ਨੀਵਾਰ ਨੂੰ ਜੰਮੂ 'ਚ ਹੋਣਗੇ, ਜਿੱਥੇ ਉਹ ਜੰਮੂ-ਕਸ਼ਮੀਰ ਭਾਜਪਾ ਦੀ ਵਰਕਿੰਗ ਕਮੇਟੀ ਨੂੰ ਸੰਬੋਧਨ ਕਰਨਗੇ। ਇਸ ਤੋਂ ਪਹਿਲਾਂ ਮਈ 'ਚ ਨਿਊਜ਼ ਏਜੰਸੀ ਪੀਟੀਆਈ ਨੂੰ ਦਿੱਤੇ ਇੰਟਰਵਿਊ 'ਚ ਸ਼ਾਹ ਨੇ 30 ਸਤੰਬਰ ਤੋਂ ਪਹਿਲਾਂ ਜੰਮੂ-ਕਸ਼ਮੀਰ 'ਚ ਚੋਣਾਂ ਕਰਵਾਉਣ ਦਾ ਵਾਅਦਾ ਕੀਤਾ ਸੀ। ਇਸ ਤੋਂ ਬਾਅਦ ਇਸ ਦਾ ਰਾਜ ਦਰਜਾ ਬਹਾਲ ਹੋ ਜਾਵੇਗਾ। ਤੁਹਾਨੂੰ ਦੱਸ ਦੇਈਏ ਕਿ ਸਾਲ 2019 ਤੋਂ ਜੰਮੂ-ਕਸ਼ਮੀਰ ਨੂੰ ਦੋ ਹਿੱਸਿਆਂ ਵਿੱਚ ਵੰਡ ਕੇ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਤੋਂ ਬਾਅਦ ਇਹ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਹੈ। ਮਈ ਵਿੱਚ ਸ਼ਾਹ ਨੇ ਕਿਹਾ, "ਜੰਮੂ ਅਤੇ ਕਸ਼ਮੀਰ ਵਿੱਚ ਲੋਕ ਸਭਾ ਚੋਣਾਂ ਦੇ ਮੁਕੰਮਲ ਹੋਣ ਦੇ ਨਾਲ, ਅਗਲਾ ਕਦਮ ਵਿਧਾਨ ਸਭਾ ਚੋਣਾਂ ਹੈ, ਜੋ ਅਸੀਂ ਸੁਪਰੀਮ ਕੋਰਟ ਦੀ ਸਮਾਂ ਸੀਮਾ ਤੋਂ ਪਹਿਲਾਂ ਕਰਵਾਵਾਂਗੇ।" ਪਿਛਲੇ ਸਾਲ 11 ਦਸੰਬਰ ਨੂੰ ਸੁਪਰੀਮ ਕੋਰਟ ਨੇ ਭਾਰਤੀ ਚੋਣ ਕਮਿਸ਼ਨ (ਈਸੀਆਈ) ਨੂੰ ਜੰਮੂ-ਕਸ਼ਮੀਰ ਵਿੱਚ 30 ਸਤੰਬਰ 2024 ਤੱਕ ਚੋਣਾਂ ਕਰਵਾਉਣ ਦਾ ਨਿਰਦੇਸ਼ ਦਿੱਤਾ ਸੀ।












# ਕੁਲਗਾਮ 'ਚ 5 ਅੱਤਵਾਦੀ ਢੇਰ, 2 ਜਵਾਨ ਸ਼ਹੀਦ ਦੂਸਰੇ ਦਿਨ ਵੀ 2 ਥਾਵਾਂ 'ਤੇ ਮੁੱਠਭੇੜ ਜਾਰੀ

**ਕੁਲਗਾਮ ਸਾਂਝੀ ਸੋਚ ਬਿਊਰੋ**

ਜੰਮੂ-ਕਸ਼ਮੀਰ ਦੇ ਕੁਲਗਾਮ 'ਚ ਸ਼ਨੀਵਾਰ ਨੂੰ ਲਗਾਤਾਰ ਦੂਜੇ ਦਿਨ ਵੀ ਮੁੱਠਭੇੜ ਜਾਰੀ ਹੈ। ਮੁਦਰਾਗਾਮ ਅਤੇ ਚਿਨੀਗਾਮ ਫਰਿਸਾਲ ਵਿੱਚ ਹੁਣ ਤੱਕ 5 ਅੱਤਵਾਦੀ ਮਾਰੇ ਜਾ ਚੁੱਕੇ ਹਨ, ਇਸ ਮੁੱਠਭੇੜ 'ਚ ਭਾਰਤੀ ਸੈਨਾ ਦੇ ਦੋ ਜਵਾਨ ਸ਼ਹੀਦ ਹੋ ਗਏ ਹਨ। ਮੁਦਰਾਗਾਮ 'ਚ ਦੋ-ਤਿੰਨ ਅੱਤਵਾਦੀਆਂ ਅਤੇ ਚਿਨੀਗਾਮ ਫਰਿਸਾਲ 'ਚ ਇਕ ਹੋਰ ਅੱਤਵਾਦੀ ਦੇ ਲੁਕੇ ਹੋਣ ਦੀ ਸੰਭਾਵਨਾ ਹੈ।ਦੋਵਾਂ ਥਾਵਾਂ 'ਤੇ ਆਪਰੇਸ਼ਨ ਚੱਲ ਰਿਹਾ ਹੈ। ਅੱਜ ਸਵੇਰੇ ਮੁਦਰਾਗਾਮ ਵਿੱਚ ਇੱਕ ਅੱਤਵਾਦੀ ਦੀ ਲਾਸ਼ ਮਿਲੀ ਹੈ। ਇੱਥੇ ਸ਼ਨੀਵਾਰ ਦੁਪਹਿਰ ਨੂੰ ਅੱਤਵਾਦੀਆਂ ਨਾਲ ਲੜਦੇ ਹੋਏ ਇਕ ਜਵਾਨ ਸ਼ਹੀਦ ਹੋ ਗਿਆ। ਕੁਲਗਾਮ ਦੇ ਚਿਨੀਗਾਮ ਫਰੀਸਲ 'ਚ ਕੱਲ੍ਹ ਚਾਰ ਅੱਤਵਾਦੀ ਮਾਰੇ ਗਏ ਸਨ, ਜਦਕਿ ਫੌਜ ਦਾ ਇੱਕ ਜਵਾਨ ਸ਼ਹੀਦ ਹੋ ਗਿਆ ਹੈ। ਐਤਵਾਰ ਸਵੇਰੇ ਅੱਤਵਾਦੀਆਂ ਨੇ ਫੌਜ ਦੇ ਕੈਂਪ 'ਤੇ ਹਮਲਾ ਕਰ ਦਿੱਤਾ। ਇਸ 'ਚ ਇਕ ਜਵਾਨ ਜ਼ਖਮੀ ਹੋ ਗਿਆ। ਜਵਾਨਾਂ ਦੀ ਜਵਾਬੀ ਕਾਰਵਾਈ ਤੋਂ ਬਾਅਦ ਅੱਤਵਾਦੀ ਸੰਘਣੇ ਜੰਗਲ ਵਿੱਚੋਂ ਭੱਜ ਗਏ। ਫੌਜ ਅਤੇ ਪੁਲਿਸ ਨੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ।





Space availabe for Ad
Contact #
+1 (209) 303-1260






# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

**CALL TODAY TO BUY/SELL YOUR REAL ESTATE/ BUSINESS**



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY



**Apply online at www.lendingassets.com and check out the live lowest rates on our website**


OPEN
NOW HIRING
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਭੀੜਾਂ ਦੀ ਭਾਜੜ ਵਿੱਚ ਮਰਦੇ ਲੋਕ ਤੇ ਚਿੰਤਾ ਸਿਰਫ਼ ਮੁਆਵਜ਼ੇ ਦੇਣ ਦੇ ਐਲਾਨਾਂ ਤੱਕ ਸੀਮਤ !

ਸਾਡਾ ਦੇਸ਼ ਭਾਰਤ ਤਰੱਕੀ ਕਰੇ, ਦੁਨੀਆ ਭਰ ਦੇ ਦੇਸ਼ਾਂ ਦਾ ਮੋਹਰੀ ਬਣੇ, ਸਾਡੀ ਕੋਈ ਟੀਮ ਕਿਸੇ ਖੇਡ ਵਿੱਚ ਵੀ ਸੰਸਾਰ ਪੱਧਰ ਦਾ ਮੁਕਾਬਲਾ ਜਿੱਤ ਜਾਵੇ ਤਾਂ ਇਸ ਦੀ ਖੁਸ਼ੀ ਸਾਰੇ ਭਾਰਤੀ ਮਨਾਉਂਦੇ ਹਨ, ਅਸੀਂ ਵੀ ਇਸ ਤੋਂ ਕਦੇ ਲਾਂਭੇ ਰਹਿਣ ਬਾਰੇ ਨਹੀਂ ਸੋਚਿਆ। ਭਾਰਤ ਕਿਸੇ ਦਿਨ ਸੱਚਮੁੱਚ 'ਵਿਸ਼ਵ ਗੁਰੂ' ਹੋਣ ਦਾ ਦਰਜਾ ਅਮਲ ਵਿੱਚ ਹਾਸਲ ਕਰ ਲਵੇ ਤਾਂ ਭਾਰਤੀ ਹੋਣ ਕਾਰਨ ਸਾਰੇ ਭਾਰਤੀਆਂ ਵਾਂਗ ਸਾਨੂੰ ਵੀ ਦਿਲੋਂ ਖੁਸ਼ੀ ਹੋਵੇਗੀ, ਪਰ ਉਹ ਦਿਨ ਕਦੋਂ ਆਵੇਗਾ, ਇਸ ਦਾ ਕੋਈ ਅੰਦਾਜ਼ਾ ਇਸ ਕਰ ਕੇ ਨਹੀਂ ਲਾਇਆ ਜਾ ਸਕਦਾ ਕਿ ਜਿਹੜੇ ਲੋਕ ਇਹ ਦਾਅਵਾ ਕਰਦੇ ਹਨ, ਉਹ ਰਾਜਨੀਤੀ ਦੇ ਖੇਤਰ ਵਿੱਚ ਏਦਾਂ ਦੀਆਂ ਗੱਲਾਂ ਕਰੀ ਜਾਂਦੇ ਹਨ ਕਿ ਉਨ੍ਹਾਂ ਦੇ ਕਹੇ ਦਾ ਯਕੀਨ ਨਹੀਂ ਹੁੰਦਾ। ਉਂਝ ਇਹ ਵਿਸ਼ਵ ਗੁਰੂ ਦਾ ਦਾਅਵਾ ਅਸੀਂ ਏਨੀ ਵਾਰ ਸੁਣ ਚੁੱਕੇ ਹਾਂ ਕਿ ਜਦੋਂ ਕਦੇ ਸੁਫਨੇ ਵਿੱਚ ਭਾਰਤ ਦਾ ਨਕਸ਼ਾ ਵੀ ਨਜ਼ਰ ਆ ਜਾਵੇ ਤਾਂ ਓਸੇ ਨੂੰ ਇਸ ਦਾਅਵੇ ਦੀ ਪ੍ਰਾਪਤੀ ਦਾ ਟਾਈਮ ਟੇਬਲ ਪੁੱਛਣ ਲੱਗਦੇ ਹਾਂ। ਸੁਫਨਾ ਤਾਂ ਸੁਫਨਾ ਹੁੰਦਾ ਹੈ, ਉਸ ਵਿੱਚ ਕੁਝ ਕਿਸੇ ਨੇ ਕਿਹਾ ਵੀ ਹੋਵੇ ਤਾਂ ਨਾ ਉਹ ਬਹੁਤਾ ਸਪੱਸ਼ਟ ਹੁੰਦਾ ਹੈ ਤੇ ਨਾ ਅੱਖ ਖੁੱਲ੍ਹਣ ਮਗਰੋਂ ਉਸ ਬਾਰੇ ਸੋਚਣ ਲਈ ਆਪਣਾ ਸਿਰ ਖਪਾਉਣ ਦੀ ਕਿਸੇ ਨੂੰ ਲੋੜ ਮਹਿਸੂਸ ਹੁੰਦੀ ਹੈ। ਫਿਰ ਵੀ ਇਹ ਦਾਅਵੇ ਕੀਤੇ ਜਾਂਦੇ ਰਹਿੰਦੇ ਹਨ ਅਤੇ ਦਾਅਵੇ ਉਹ ਵੱਡੇ ਲੋਕ ਕਰੀ ਜਾਂਦੇ ਹਨ, ਜਿਨ੍ਹਾਂ ਦੀ ਗੱਲ ਕੋਈ ਸੁਣਨਾ ਚਾਹੇ ਜਾਂ ਨਾ, ਦੇਸ਼ ਦਾ ਮੀਡੀਆ ਸਾਨੂੰ ਸੁਣਾਉਣ ਲਈ ਸਮੁੱਚਾ ਜ਼ੋਰ ਲਾਈ ਰੱਖਦਾ ਹੈ। ਇਸ ਲਈ ਸਾਰਾ ਨਹੀਂ ਤਾਂ ਨਾ ਸਹੀ, ਕੁਝ ਨਾ ਕੁਝ ਅਸਰ ਸਾਡੇ ਸਾਰਿਆਂ ਉੱਤੇ ਵੀ ਹੋ ਸਕਦਾ ਹੈ।

ਅਸੀਂ ਪਹਿਲਾਂ ਕਹਿ ਦਿੱਤਾ ਹੈ ਕਿ ਇਹ ਸੋਹਣੇ ਜਾਪ ਰਹੇ ਦਾਅਵੇ ਕਰਨ ਵਾਲੇ ਲੋਕਾਂ ਦਾ ਭਰੋਸਾ ਖਾਸ ਨਹੀਂ ਰਹਿ ਗਿਆ, ਇਸ ਲਈ ਅਸੀਂ ਇਸ ਦਾਅਵੇ ਜਾਂ ਸੁਫਨੇ ਬਾਰੇ ਬਹੁਤਾ ਸੋਚਣ ਦੀ ਥਾਂ ਦੇਸ਼ ਅੰਦਰਲੀਆਂ ਹਕੀਕਤਾਂ ਬਾਰੇ ਸੋਚਣ ਦੀ ਵੱਧ ਲੋੜ ਸਮਝਦੇ ਹਾਂ। ਹਕੀਕਤਾਂ ਕੀ ਅਤੇ ਕਿੰਨੀਆਂ ਬੇਰਹਿਮ ਹਨ, ਇਸ ਦਾ ਅੰਦਾਜ਼ਾ ਪਿਛਲੇ ਹਫਤੇ ਉੱਤਰ ਪ੍ਰਦੇਸ਼ ਵਿੱਚ ਇੱਕ ਭਾਜੜ ਦੌਰਾਨ ਸਵਾ ਸੌ ਤੋਂ ਵੱਧ ਲੋਕਾਂ ਦੀਆਂ ਮੌਤਾਂ ਹੋਣ ਕਾਰਨ ਲੱਗ ਜਾਂਦਾ ਹੈ।

ਭਾਰਤ ਦੇ ਕਿਸੇ ਰਾਜ ਵਿੱਚ ਹੋਏ ਕਿਸੇ ਧਾਰਮਿਕ ਰੰਗਤ ਵਾਲੇ ਸਮਾਗਮ ਜਾਂ ਕਿਸੇ ਮਾਨਤਾ ਪ੍ਰਾਪਤ ਧਾਰਮਿਕ ਅਸਥਾਨ ਵਿੱਚ ਏਦਾਂ ਦੀ ਭਾਜੜ ਪੈਣ ਅਤੇ ਬਹੁਤ ਸਾਰੇ ਲੋਕਾਂ ਦੇ ਮਾਰੇ ਜਾਣ ਦਾ ਇਹ ਕੋਈ ਪਹਿਲਾ ਕੇਸ ਨਹੀਂ। ਜਦੋਂ ਇਹ ਪਹਿਲਾ ਕੇਸ ਨਹੀਂ ਤਾਂ ਸਾਨੂੰ ਸਭ ਨੂੰ ਪਤਾ ਹੈ ਕਿ ਇਹ ਦੁਖਾਂਤ ਭਾਰਤ ਦੇ ਲੋਕਾਂ ਵਾਸਤੇ ਇਹ ਆਖਰੀ ਵੀ ਨਹੀਂ ਹੋਣਾ, ਅਗਲੇ ਸਮੇਂ ਵਿੱਚ ਅਗਲੀ ਕਿਹੜੀ ਥਾਂ ਕਦੋਂ ਏਦਾਂ ਦੀ ਭਾਜੜ ਕਿੰਨੇ ਲੋਕਾਂ ਦੀ ਜਾਨ ਲੈ ਲਵੇ, ਇਸ ਬਾਰੇ ਕੋਈ ਨਹੀਂ ਜਾਣਦਾ। ਭਾਰਤ ਵਿੱਚ ਇਸ ਵਾਰੀ ਹੋਏ ਇਸ ਦੁਖਾਂਤ ਵਿੱਚ ਇੱਕ ਸੌ ਪੰਝੀ ਦੇ ਕਰੀਬ ਲੋਕ ਮਾਰੇ ਗਏ ਹਨ, ਪਰ ਇਸ ਤੋਂ ਪਹਿਲਾਂ ਏਦੂੰ ਵੀ ਵੱਧ ਲੋਕ ਮਾਰੇ ਜਾਂਦੇ ਰਹੇ ਹਨ ਅਤੇ ਸਰਕਾਰਾਂ ਨੇ ਭਵਿੱਖ ਵਿੱਚ ਏਦਾਂ ਦੇ ਦੁਖਾਂਤ ਵਾਪਰਨ ਤੋਂ ਰੋਕ ਸਕਣ ਵਾਲੀ ਕੋਈ ਨੀਤੀ ਕਦੀ ਬਣਾਈ ਹੀ ਨਹੀਂ ਜਾਪਦੀ। ਤਾਜ਼ਾ ਦੁਖਾਂਤ ਪਿੱਛੋਂ ਅਸੀਂ ਆਪਣੇ ਕੋਲੋਂ ਕੁਝ ਕਹਿਣ ਦੀ ਥਾਂ ਆਪਣੇ ਪਾਠਕਾਂ ਨੂੰ ਦੇਸ਼ ਵਿੱਚ ਹੋਏ ਏਦਾਂ ਦੇ ਦੁਖਾਂਤਾਂ ਦੀ ਲੰਮੀ ਲੜੀ ਉੱਤੇ ਇੱਕ ਝਾਤ ਪਵਾਉਣ ਦੀ ਕੋਸ਼ਿਸ਼ ਕਰਨ ਦੀ ਆਗਿਆ ਚਾਹੁੰਦੇ ਹਾਂ।

ਸਾਲ 1992 ਵਿੱਚ ਇੱਕ ਇਹੋ ਜਿਹਾ ਦੁਖਾਂਤ ਤਾਮਿਲ ਨਾਡੂ ਦੇ ਕੁੰਭਾਕੋਨਮ ਵਿੱਚ ਵਾਪਰਿਆ ਸੀ, ਜਿੱਥੇ ਧਾਰਮਿਕ ਉਤਸਵ ਦੌਰਾਨ ਭਾਜੜ ਮੱਚ ਗਈ ਤੇ ਪੰਜਾਹ ਤੋਂ ਵੱਧ ਲੋਕ ਮਾਰੇ ਗਏ ਸਨ। ਚਰਚਾ ਇਹ ਸੀ ਕਿ ਉਚੇਚੀ ਪਹੁੰਚੀ ਮੁੱਖ ਮੰਤਰੀ ਜੈਲਲਿਤਾ ਨੂੰ ਇਸ਼ਨਾਨ ਕਰਨ ਦੀ ਪਹਿਲ ਦੇਣ ਨਾਲ ਇੱਕ ਪਾਸੇ ਜੁੜੀ ਭੀੜ ਵਧ ਗਈ ਤੇ ਹਾਲਾਤ ਏਨੇ ਵਿਗੜ ਗਏ ਕਿ ਸੁਰੱਖਿਆ ਫੋਰਸਾਂ ਤੋਂ ਕਾਬੂ ਨਹੀਂ ਸਨ ਕੀਤੇ ਜਾ ਸਕੇ ਅਤੇ ਦੁਖਾਂਤ ਵਾਪਰ ਗਿਆ ਸੀ। ਫਿਰ 2010 ਵਿੱਚ ਇੱਕ ਵਾਰੀ ਏਦਾਂ ਦੇ ਉਤਸਵ ਮੌਕੇ ਉੱਤਰ ਪ੍ਰਦੇਸ਼ ਦੇ ਪ੍ਰਤਾਪਗੜ੍ਹੀ ਵਿੱਚ ਭਾਜੜ ਮੱਚ ਗਈ ਤੇ ਤਰੇਹਠ ਲੋਕ ਓਥੇ ਮਾਰੇ ਗਏ ਗਏ ਸਨ। ਲੋਕੀਂ ਉਸ ਧਾਰਮਿਕ ਅਸਥਾਨ ਦੇ ਮੁਖੀ ਕ੍ਰਿਪਾਲੂ ਮਹਾਰਾਜ ਦੀ ਪਤਨੀ ਦੀ ਪਹਿਲੀ ਬਰਸੀ ਮੌਕੇ ਸ਼ਰਧਾ ਪੇਸ਼ ਕਰਨ ਲਈ ਪਹੁੰਚੇ ਸਨ। ਸਾਲ 2011 ਵਿੱਚ ਕੇਰਲਾ ਦੇ ਪ੍ਰਸਿੱਧ ਸਾਬਰੀਮਾਲਾ ਮੰਦਰ ਵਿੱਚ ਧਾਰਮਿਕ ਉਤਸਵ ਦੇ ਦੌਰਾਨ ਭੀੜ ਵਿੱਚ ਭਾਜੜ ਮੱਚ ਗਈ ਅਤੇ ਇੱਕ ਸੌ ਛੇ ਲੋਕਾਂ ਦੀ ਮੌਤ ਹੋ ਗਈ ਸੀ। ਨਵੰਬਰ 1994 ਵਿੱਚ ਨਾਗਪੁਰ ਵਿੱਚ ਇੱਕ ਸਮਾਜੀ ਭਾਈਚਾਰੇ ਦੇ ਧਾਰਮਿਕ ਸਮਾਗਮ ਦੌਰਾਨ ਭੀੜ ਕਾਬੂ ਤੋਂ ਬਾਹਰ ਹੁੰਦੀ ਵੇਖ ਕੇ ਪੁਲਸ ਨੂੰ ਲਾਠੀਚਾਰਜ ਕਰਨ ਦੇ ਹੁਕਮ ਮਿਲ ਗਏ ਤਾਂ ਇਸ ਨਾਲ ਭਾਜੜ ਮੱਚ ਗਈ ਅਤੇ ਕੁਝ ਪਲਾਂ ਵਿੱਚ ਇੱਕ ਸੌ ਚੌਦਾਂ ਲੋਕ ਅਣਿਆਈ ਮੌਤ ਕਾਰਨ ਦੁਨੀਆ ਤੋਂ ਤੋਰ ਦਿੱਤੇ ਗਏ ਸਨ। ਅਕਤੂਬਰ 2013 ਵਿੱਚ ਮੱਧ ਪ੍ਰਦੇਸ਼ ਦੇ ਰਤਨਗੜ੍ਹ ਵਿੱਚ ਨਵਰਾਤਰੀ ਮੇਲੇ ਮੌਕੇ ਭੀੜ ਵਿੱਚ ਭਾਜੜ ਮੱਚ ਗਈ ਅਤੇ ਲੋਕ ਇੱਕ ਦੂਸਰੇ ਨੂੰ ਮਿਧਦੇ ਹੋਏ ਬਚਣ ਦਾ ਯਤਨ ਕਰਨ ਲੱਗੇ। ਇਸ ਮੇਲੇ ਵਿੱਚ ਹੋਈ ਭਾਜੜ ਵਿੱਚ ਇੱਕ ਸੌ ਪੰਦਰਾਂ ਲੋਕਾਂ ਦੀ ਮੌਤ ਹੋਈ, ਪਰ ਰਾਜ ਤੇ ਕੇਂਦਰੀ ਸਰਕਾਰਾਂ ਨੇ ਇਹ ਨਹੀਂ ਸੀ ਕਿਹਾ ਕਿ ਏਦਾਂ ਦੇ ਦੁਖਾਂਤ ਫਿਰ ਨਹੀਂ ਹੋਣ ਦੇਣੇ, ਸਿਰਫ ਮ੍ਰਿਤਕਾਂ ਦੇ ਵਾਰਸਾਂ ਅਤੇ ਪੀੜਤਾਂ ਨੂੰ ਮਾਇਆ ਵੰਡ ਕੇ ਸਾਰ ਲਿਆ ਸੀ।

ਫਿਰ ਵੀ ਜਿਹੜੇ ਦੁਖਾਂਤ ਬਹੁਤ ਵੱਡੇ ਗਿਣੇ ਜਾਂਦੇ ਹਨ ਤੇ ਜਿਨ੍ਹਾਂ ਦੀ ਗੱਲ ਸੰਸਾਰ ਵਿੱਚ ਵਾਪਰੇ ਏਦਾਂ ਦੇ ਦੁਖਾਂਤਾਂ ਵਿੱਚ ਸ਼ਾਮਲ ਕੀਤੀ ਜਾਂਦੀ ਹੈ, ਉਨ੍ਹਾਂ ਵਿੱਚੋਂ ਇੱਕ ਪੰਜਾਬ ਦੇ ਗਵਾਂਢ ਹਿਮਾਚਲ ਪ੍ਰਦੇਸ਼ ਦੇ ਪ੍ਰਸਿੱਧ ਤੀਰਥ ਅਸਥਾਨ ਵਿਖੇ ਇੱਕ ਧਾਰਮਿਕ ਉਤਸਵ ਦੌਰਾਨ ਵਾਪਰਿਆ ਸੀ।

ਬਾਅਦ ਦੀ ਰਿਪੋਰਟ ਸੀ ਕਿ ਅਚਾਨਕ ਆਈ ਬਰਸਾਤ ਦੇ ਕਾਰਨ ਇੱਕ ਸ਼ੈੱਡ ਢਹਿ ਜਾਣ ਪਿੱਛੋਂ ਪਹਾੜ ਤੋਂ ਢਿੱਗਾਂ ਡਿੱਗਣ ਦੀ ਅਫਵਾਹ ਫੈਲ ਗਈ ਤੇ ਕਿਸੇ ਸੂਚਨਾ ਪ੍ਰਸਾਰ ਦੀ ਘਾਟ ਕਰਨ ਲੋਕ ਜਾਨਾਂ ਬਚਾਉਣ ਲਈ ਭੱਜਣ ਲੱਗ ਪਏ। ਪੰਜਾਬੀ ਕਹਾਵਤ ਹੈ ਕਿ ਏਦਾਂ ਦੇ ਵਕਤ ਮਾਵਾਂ ਪੁੱਤਰ ਵੀ ਨਹੀਂ ਪਛਾਣਦੀਆਂ ਹੁੰਦੀਆਂ ਅਤੇ ਇਹੋ ਕੁਝ ਓਥੇ ਹੋਇਆ, ਕਿਸੇ ਨੇ ਕਿਸੇ ਵੱਲ ਵੇਖਿਆ ਨਹੀਂ ਕਿ ਉਹ ਕਿੱਥੇ ਹੈ, ਆਪਣੀ ਜਾਨ ਬਚਾਉਣ ਲਈ ਜਦੋਂ ਹਰ ਕੋਈ ਭੱਜ ਉੱਠਿਆ ਤਾਂ ਭਾਜੜ ਰੁਕਣ ਤੱਕ ਇੱਕ ਸੌ ਛਿਆਲੀ ਲੋਕਾਂ ਦੀ ਮੌਤ ਹੋ ਚੁੱਕੀ ਸੀ ਅਤੇ ਡੇਢ ਸੌ ਤੋਂ ਵੱਧ ਜ਼ਖਮੀਆਂ ਦੀ ਗਿਣਤੀ ਇਸ ਤੋਂ ਵੱਖ ਸੀ। ਇਸ ਪਿੱਛੋਂ ਹਿਮਾਚਲ ਪ੍ਰਦੇਸ਼ ਤੇ ਕੇਂਦਰ ਦੀਆਂ ਸਰਕਾਰਾਂ ਨੇ ਹਾਦਸੇ ਦੀ ਜਾਂਚ ਕਰਵਾਉਣ ਅਤੇ ਭਵਿੱਖ ਵਿੱਚ ਏਦਾਂ ਦੇ ਹਾਦਸੇ ਰੋਕਣ ਦੇ ਐਲਾਨ ਤਾਂ ਬਹੁਤ ਕੀਤੇ ਸਨ, ਪਰ ਇਨ੍ਹਾਂ ਬਿਆਨਾਂ ਉੱਤੇ ਅਮਲ ਬਾਰੇ ਜਾਣਕਾਰ ਲੋਕ ਅੱਜ ਵੀ ਕਹਿੰਦੇ ਹਨ ਕਿ ਪਰਨਾਲਾ ਓਥੇ ਦਾ ਓਥੇ ਹੈ।

ਸਤੰਬਰ 2008 ਵਿੱਚ ਏਦਾਂ ਹੀ ਰਾਜਸਥਾਨ ਦੇ ਪ੍ਰਮੁੱਖ ਸ਼ਹਿਰ ਜੋਧਪੁਰ ਵਿੱਚ ਇੱਕ ਪ੍ਰਸਿੱਧ ਮੰਦਰ ਵਿੱਚ ਭਾਜੜ ਮੱਚ ਗਈ ਸੀ। ਇਹ ਮੰਦਰ ਇੱਕ ਪ੍ਰਮੁੱਖ ਕਿਲ੍ਹੇ ਦੇ ਅੰਦਰ ਹੈ ਅਤੇ ਓਥੇ ਨਵਰਾਤਰੀ ਮੌਕੇ ਪੰਝੀ ਹਜ਼ਾਰ ਦੇ ਕਰੀਬ ਲੋਕ ਸ਼ਰਧਾ ਨਾਲ ਆਏ ਹੋਏ ਸਨ। ਦਰਸ਼ਨਾਂ ਦੀ ਘੜੀ ਉਡੀਕਦੇ ਸ਼ਰਧਾਲੂਆਂ ਨੂੰ ਜਦੋਂ ਇਹ ਪਤਾ ਲੱਗਾ ਕਿ ਕਿਵਾੜ ਖੁੱਲ੍ਹਣ ਦਾ ਸਮਾਂ ਆ ਗਿਆ ਹੈ ਤਾਂ ਕਾਹਲੀ ਪਈ ਹੋਈ ਸ਼ਰਧਾਲੂਆਂ ਦੀ ਭੀੜ ਕਿਵਾੜ ਖੁੱਲ੍ਹਦੇ ਸਾਰ ਇੱਕ ਦੂਸਰੇ ਤੋਂ ਅੱਗੇ ਜਾਣ ਦੇ ਚੱਕਰ ਵਿੱਚ ਭਾਜੜ ਵਿੱਚ ਬਦਲ ਗਈ। ਨਾ ਪ੍ਰਬੰਧਕਾਂ ਦੇ ਪ੍ਰਬੰਧ ਏਨੀ ਭੀੜ ਸੰਭਾਲਣ ਜੋਗੇ ਸਨ ਤੇ ਨਾ ਰਾਜ ਸਰਕਾਰ ਦੇ ਅਧਿਕਾਰੀਆਂ ਨੇ ਇਸ ਬਾਰੇ ਅਗੇਤੀ ਚਿੰਤਾ ਕੀਤੀ ਸੀ। ਨਤੀਜਾ ਇਸ ਦਾ ਇਹ ਨਿਕਲਿਆ ਸੀ ਕਿ ਸ਼ਰਧਾ ਭੇਟ ਕਰਨ ਲਈ ਪਹੁੰਚੇ ਸਵਾ ਦੋ ਸੌ ਲੋਕ ਪਲਾਂ ਵਿੱਚ ਲਾਸ਼ਾਂ ਦੇ ਢੇਰ ਵਿੱਚ ਬਦਲ ਗਏ ਤੇ ਸਰਕਾਰ ਇਹ ਐਲਾਨ ਕਰਨ ਲੱਗ ਪਈ ਸੀ ਕਿ ਮ੍ਰਿਤਕਾਂ ਦੇ ਪਰਵਾਰਾਂ ਨੂੰ ਐਨੇ-ਐਨੇ ਲੱਖ ਅਤੇ ਜ਼ਖਮੀਆਂ ਨੂੰ ਐਨੈ-ਐਨੇ ਹਜ਼ਾਰ ਰੁਪਏ ਦਿੱਤੇ ਜਾਣਗੇ।

ਏਦਾਂ ਦਾ ਇੱਕ ਹੋਰ ਹਾਦਸਾ ਅਤੇ ਇਨ੍ਹਾਂ ਪਿਛਲੇ ਸਾਰਿਆਂ ਤੋਂ ਵੱਡਾ ਦੁਖਾਂਤ ਜਨਵਰੀ 2005 ਵਿੱਚ ਮਹਾਰਾਸ਼ਟਰ ਦੇ ਸਤਾਰਾ ਜ਼ਿਲ੍ਹੇ ਦੇ ਇੱਕ ਧਰਮ ਅਸਥਾਨ ਵਿਖੇ ਹੋਇਆ ਸੀ। ਸਰਕਾਰੀ ਰਿਪੋਰਟਾਂ ਸਨ ਕਿ ਉਸ ਦਿਨ ਓਥੇ ਪੂਜਾ ਲਈ ਤਿੰਨ ਲੱਖ ਤੋਂ ਵੱਧ ਸ਼ਰਧਾਲੂ ਪਹੁੰਚੇ ਹੋਏ ਸਨ। ਏਨੇ ਲੋਕਾਂ ਦੇ ਲੰਘਣ ਜਾਂ ਕੁਝ ਨਾ ਕੁਝ ਪੂਜਾ ਦਾ ਸਾਮਾਨ ਡੁੱਲ੍ਹਦਾ ਜਾਣ ਕਾਰਨ ਉਸ ਧਰਮ ਅਸਥਾਨ ਦੀਆਂ ਪੱਥਰ ਦੀਆਂ ਪੌੜੀਆਂ ਉੱਤਲੀ ਤਿਲਕਣ ਵਿੱਚ ਇੱਕ ਜਣਾ ਜਦੋਂ ਸੰਭਲ ਨਾ ਸਕਿਆ ਤਾਂ ਉਸ ਦੇ ਤਿਲਕਣ ਨਾਲ ਇੱਕ ਦੂਸਰੇ ਵਿੱਚ ਵੱਜਦੇ ਲੋਕ ਕੁਝ ਹੇਠਾਂ ਵੱਲ ਰਿੜ੍ਹ ਜਾਣ ਕਾਰਨ ਮਾਰੇ ਗਏ ਤਾਂ ਕੁਝ ਇੱਕ ਦੂਸਰੇ ਦੇ ਪੈਰਾਂ ਹੇਠ ਮਿੱਧੇ ਜਾਣ ਨਾਲ ਮੌਤ ਦੇ ਮੂੰਹ ਜਾ ਪਏ। ਬਾਅਦ ਵਿੱਚ ਰਾਜ ਦੇ ਮੁੱਖ ਮੰਤਰੀ ਤੇ ਉਸ ਦੇ ਮੰਤਰੀਆਂ ਤੋਂ ਸ਼ੁਰੂ ਹੋ ਕੇ ਦੇਸ਼ ਦੇ ਪ੍ਰਧਾਨ ਮੰਤਰੀ ਤੱਕ ਦੇ ਸ਼ੋਕ ਸੰਦੇਸ਼ ਟੀ ਵੀ ਚੈਨਲਾਂ ਉੱਤੇ ਪੜ੍ਹੇ ਜਾਣ ਲੱਗ ਪਏ ਤੇ ਉਸ ਹਾਦਸੇ ਦੇ ਕਾਰਨ ਲੱਭਣ ਅਤੇ ਫਿਰ ਏਦਾਂ ਹੋਣ ਤੋਂ ਰੋਕਣ ਦਾ ਮੁੱਦਾ ਪਿੱਛੇ ਪੈ ਗਿਆ। ਰਾਜ ਦੀ ਹਾਈ ਕੋਰਟ ਨੂੰ ਕਿਸੇ ਨੇ ਅਰਜ਼ੀ ਦੇ ਕੇ ਸਰਕਾਰ ਦਾ ਇਹ ਫਰਜ਼ ਯਾਦ ਕਰਾਇਆ ਅਤੇ ਹਾਈ ਕੋਰਟ ਦੇ ਹੁਕਮ ਉੱਤੇ ਜਦੋਂ ਰਿਪੋਰਟ ਪੇਸ਼ ਹੋਈ ਤਾਂ ਪਤਾ ਲੱਗਾ ਕਿ ਉਸ ਦਿਨ ਉਸ ਇੱਕੋ ਹਾਦਸੇ ਵਿੱਚ ਦੋ ਸੌ ਇਕਾਨਵੇਂ ਲੋਕ ਮਾਰੇ ਗਏ ਸਨ, ਮਤਲਬ ਕਿ ਇੱਕੋ ਹਾਦਸਾ ਪੇਂਡੂ ਲੋਕਾਂ ਦੀ ਦੇਸੀ ਬੋਲੀ ਮੁਤਾਬਕ 'ਨੌਂ ਘੱਟ ਤਿੰਨ ਸੌ' ਲੋਕਾਂ ਲਈ ਜਾਨਲੇਵਾ ਬਣ ਗਿਆ ਸੀ। ਇਸ ਦਾ ਇਹ ਮਤਲਬ ਨਹੀਂ ਕਿ ਇਹ ਸਭ ਤੋਂ ਵੱਡਾ ਹਾਦਸਾ ਸੀ, ਏਦੂੰ ਵੀ ਵੱਡੇ ਦੁਖਾਂਤ ਦਾ ਜ਼ਿਕਰ ਅਸੀਂ ਅਖੀਰ ਵਿੱਚ ਕਰਨ ਲੱਗੇ ਹਾਂ।

ਭਾਰਤ ਦਾ ਉਹ ਵੱਡਾ ਅਤੇ ਸਭ ਤੋਂ ਵੱਡਾ ਦੁਖਾਂਤ, ਜਿਸ ਦਾ ਜ਼ਿਕਰ ਅਸੀਂ ਇਸ ਵਕਤ ਕਰਨ ਲੱਗੇ ਹਾਂ, ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿੱਚ ਫਰਵਰੀ 1954 ਵਿੱਚ ਕੁੰਭ ਦੇ ਮੇਲੇ ਦੌਰਾਨ ਹੋਇਆ ਸੀ। ਸਰਕਾਰੀ ਅੰਦਾਜ਼ਾ ਸੀ ਕਿ ਉਸ ਦਿਨ ਆਈ ਭੀੜ ਦੀ ਗਿਣਤੀ ਚਾਲੀ ਤੋਂ ਪੰਜਾਹ ਲੱਖ ਵਿਚਾਲੇ ਹੋਵੇਗੀ। ਇਹ ਦੇਸ਼ ਨੂੰ ਆਜ਼ਾਦੀ ਮਿਲਣ ਪਿੱਛੋਂ ਦਾ ਪਹਿਲਾ ਕੁੰਭ ਮੇਲਾ ਸੀ ਅਤੇ ਹਿੰਦੂ ਧਰਮ ਵਿੱਚ ਪਵਿੱਤਰ ਗਿਣੀ ਜਾਣ ਵਾਲੀ ਮੌਨੀ ਅਮਾਵਸਿਆ ਦਾ ਦਿਨ ਹੋਣ ਕਾਰਨ ਹਰ ਕੋਈ 'ਤ੍ਰਿਵੇਣੀ ਦੇ ਸੰਗਮ', ਗੰਗਾ, ਯਮਨਾ ਅਤੇ ਸਰਸਵਤੀ ਦੇ ਮਿਲਣ ਸਥਾਨ ਉੱਤੇ ਇਸ਼ਨਾਨ ਦਾ ਲਾਭ ਲੈ ਸਕਣ ਦੀ ਕੋਸ਼ਿਸ਼ ਵਿੱਚ ਸੀ। ਅਚਾਨਕ ਭੀੜ ਵਿੱਚ ਭਾਜੜ ਮੱਚ ਗਈ। ਸਰਕਾਰ ਅਤੇ ਮੇਲਾ ਪ੍ਰਬੰਧਕਾਂ ਦੇ ਕੀਤੇ-ਕਰਾਏ ਸਾਰੇ ਪ੍ਰਬੰਧ ਧਰੇ-ਧਰਾਏ ਰਹਿ ਗਏ ਤੇ ਜਾਨਾਂ ਬਚਾਉਣ ਲਈ ਭੱਜਦੇ ਜੀਅ-ਭਿਆਣੇ ਲੋਕ ਇੱਕ ਦੂਸਰੇ ਨੂੰ ਮਿੱਧਣ ਅਤੇ ਖੁਦ ਮਿੱਧੇ ਜਾਣ ਦੇ ਚੱਕਰ ਵਿੱਚ ਫਸ ਕੇ ਲਾਸ਼ਾਂ ਦਾ ਢੇਰ ਵਧਾਉਣ ਦਾ ਕਾਰਨ ਬਣਦੇ ਗਏ। ਰਾਜ ਦੀ ਸਰਕਾਰ ਅਤੇ ਕੇਂਦਰੀ ਆਗੂਆਂ ਨੇ ਓਦੋਂ ਵੀ ਸਿਰਫ ਪੀੜਤਾਂ ਦਾ ਦੁੱਖ ਵੰਡਾਉਣ ਅਤੇ ਸਹਾਇਤਾ ਰਾਸ਼ੀ ਜਲਦੀ ਪੁਚਾਉਣ ਦੇ ਐਲਾਨ ਕੀਤੇ ਸਨ ਤੇ ਇਸ ਤੋਂ ਅੱਗੇ ਵਧ ਕੇ ਫਿਰ ਕਦੀ ਇਹੋ ਜਿਹਾ ਕੋਈ ਹਾਦਸਾ ਨਾ ਹੋਣ ਦੇਣ ਲਈ ਕੱਖ ਨਹੀਂ ਸੀ ਕੀਤਾ।

ਧਾਰਮਿਕ ਸਥਾਨਾਂ ਉੱਤੇ ਹੁੰਦੇ ਇਹੋ ਜਿਹੇ ਦੁਖਾਂਤਾਂ ਦੀ ਲੜੀ ਪੇਸ਼ ਕਰਨ ਦਾ ਮਤਲਬ ਇਹ ਨਹੀਂ ਕਿ ਏਦਾਂ ਸਿਰਫ ਧਾਰਮਿਕ ਥਾਂਵਾਂ ਉੱਤੇ ਹੁੰਦਾ ਹੈ, ਹੋਰ ਵੀ ਬਹੁਤ ਸਾਰੇ ਥਾਂਵਾਂ ਉੱਤੇ ਭੀੜ ਜੁੜਦੀ ਅਤੇ ਏਦਾਂ ਹੀ ਲੋਕ ਮਰਨ ਬਾਰੇ ਖਬਰਾਂ ਆਈ ਜਾਂਦੀਆਂ ਹਨ। ਤਾਮਿਲ ਨਾਡੂ ਵਿੱਚ ਇੱਕ ਵਾਰੀ ਇੱਕ ਨੇਤਾ ਬੀਬੀ ਨੇ ਆਪਣਾ ਜਨਮ ਦਿਨ ਮਨਾਓਣ ਲਈ ਗਰੀਬ ਔਰਤਾਂ ਨੂੰ ਸਾੜ੍ਹੀਆਂ ਵੰਡਣ ਦਾ ਐਲਾਨ ਕਰ ਦਿੱਤਾ ਤਾਂ ਗਰੀਬੀ ਮਾਰੀਆਂ ਬਹੁਤ ਸਾਰੀਆਂ ਔਰਤਾਂ ਸਾੜ੍ਹੀਆਂ ਲੈਣ ਲਈ ਆ ਗਈਆਂ, ਪਰ ਉਹ ਘਰ ਨਹੀਂ ਸੀ ਪਰਤ ਸਕੀਆਂ, ਉਨ੍ਹਾਂ ਦੀਆਂ ਲਾਸ਼ਾਂ ਉਨ੍ਹਾਂ ਦੇ ਘਰ ਪੁਚਾਈਆਂ ਗਈਆਂ ਅਤੇ ਨਾਲ ਸਰਕਾਰ ਵੱਲੋਂ 'ਬਣਦਾ-ਸਰਦਾ' ਧਰਵਾਸ ਦਾ ਚੈੱਕ ਦੇ ਦਿੱਤਾ ਗਿਆ ਸੀ। ਉੱਤਰ ਪ੍ਰਦੇਸ਼ ਵਿੱਚ ਇੱਕ ਰਾਜਸੀ ਲੀਡਰ ਨੇ ਆਪਣੇ ਚਹੇਤੇ ਪ੍ਰਧਾਨ ਮੰਤਰੀ ਦਾ ਜਨਮ ਦਿਨ ਮਨਾਉਣ ਲਈ ਔਰਤਾਂ ਨੂੰ ਏਦਾਂ ਦਾ ਮੁਫਤ ਮਾਲ ਵੰਡਣ ਵਾਲਾ ਐਲਾਨ ਕੀਤਾ ਤਾਂ ਸਾਮਾਨ ਅਣਵੰਡਿਆ ਰਿਹਾ ਤੇ ਲੈਣ ਆਏ ਗਰੀਬਾਂ ਦੀਆਂ ਲਾਸ਼ਾਂ ਦਾ ਢੇਰ ਚੋਖਾ ਵੱਡਾ ਲੱਗ ਗਿਆ ਸੀ। ਵਿਚਾਰੇ ਗਰੀਬ ਲੋਕ ਜਦੋਂ ਇਹੋ ਜਿਹੀ ਕਿਸੇ ਮਦਦ ਦੀ ਝਾਕ ਵਿੱਚ ਕਿਤੇ ਜਾਂਦੇ ਹਨ, ਸਿਰਫ ਜਾਂਦੇ ਹੀ ਹਨ, ਵਾਪਸ ਆਉਣ ਦੀ ਕੋਈ ਗਾਰੰਟੀ ਕਦੇ ਨਹੀਂ ਹੋਇਆ ਕਰਦੀ, ਕਿਉਂਕਿ ਵਿਸ਼ਵ ਗੁਰੂ ਬਣਨ ਤੁਰੇ ਹੋਏ ਭਾਰਤ ਦੇ ਹਾਕਮਾਂ ਕੋਲ ਹੋਰ ਬਥੇਰੇ ਕੰਮ ਹਨ, ਉਹ ਇਸ ਤਰ੍ਹਾਂ ਦੀਆਂ ਗਾਰੰਟੀਆ ਦੇਣ ਰੁੱਝੇ ਰਹਿਣ ਤਾਂ ਜ਼ਰੂਰੀ ਕੰਮ ਪਛੜ ਸਕਦੇ ਹਨ। ਸਰਕਾਰ ਉਹ ਕੰਮ ਕਦੇ ਨਹੀਂ ਭੁਲਾ ਸਕਦੀ, ਕਿਉਂਕਿ ਵਿਸ਼ਵ ਗੁਰੂ ਬਣਨਾ ਹੈ ਤੇ ਜਦੋਂ ਸਰਕਾਰਾਂ ਨੂੰ ਏਦਾਂ ਦੇ ਦੁਖਾਂਤ ਹੁੰਦੇ ਰੋਕਣ ਦੇ ਲਈ ਵਿਹਲ ਨਹੀਂ ਮਿਲਦੀ ਤਾਂ ਕਿਸੇ ਹੋਰ ਨੂੰ ਵਿਲਕਣ ਦੀ ਕੀ ਲੋੜ ਹੈ। ਬਿਹਤਰ ਇਹੋ ਹੈ ਕਿ ਵਗਦੇ ਵਹਿਣ ਨਾਲ ਵਗਿਆ ਜਾਵੇ ਅਤੇ ਵਿਸ਼ਵ ਗੁਰੂ ਬਣਨ ਦੇ ਉਹ ਸੁਫਨੇ ਰੋਜ਼ ਰਾਤ ਵੇਖੇ ਜਾਣ, ਜਿਹੜੇ ਹਕੀਕਤਾਂ ਤੋਂ ਕੋਹਾਂ ਦੂਰ ਹੁੰਦੇ ਹਨ।



ਜਤਿੰਦਰ ਪਨੂੰ




# GINNY BEDI LAW PC



Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

255 N Market St Ste 150 San Jose CA 95110

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ)
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


I PW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
HARMANDEEP KAUR
GUEST APPEARANCE
SURLEENA SINGH
AND TEAM SANGEET BY
SAKHIYAN FROM CANADA
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
Ticket
$10 MANDATORY RAFFLE
ENTRY TICKET AT THE GATE
FOR PARTICIPATION, BOOTH BOOKINGS
N SPONSORSHIP, PLEASE CONTACT
CALL : (530) 845-4800
JOT RANJIT KAUR
(HOST)
PARM TAKHAR
(HOST)
Raman Moranwalia
GRAPHIC DESIGNER

# ਪੰਜਾਬ ਸਰਕਾਰ ਨੂੰ ਜੂਨ ਮਹੀਨੇ 'ਚ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਆਮਦਨ ਵਿਚ ਰਿਕਾਰਡ 42 ਫੀਸਦੀ ਵਾਧਾ: ਜਿੰਪਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੇ ਇਕ ਹੋਰ ਪ੍ਰਾਪਤੀ ਦਰਜ ਕੀਤੀ ਹੈ। ਪੰਜਾਬ ਵਿਚ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿਚ ਜੂਨ 2024 ਦੌਰਾਨ ਰਿਕਾਰਡ 42 ਫੀਸਦੀ ਜ਼ਿਆਦਾ ਆਮਦਨ ਆਈ ਹੈ। ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਹੈ ਕਿ ਪੰਜਾਬ ਵਾਸੀਆਂ ਨੂੰ ਪਾਰਦਰਸ਼ੀ, ਸਾਫ-ਸੁਥਰਾ ਅਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੇਣਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਹੈ ਅਤੇ ਇਸੇ ਸਦਕਾ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ।

ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਜਿੰਪਾ ਨੇ ਦੱਸਿਆ ਕਿ ਜੂਨ 2024 ਵਿਚ ਸਟੈਂਪ ਅਤੇ ਰਜਿਸਟਰੇਸ਼ਨ ਅਧੀਨ ਪੰਜਾਬ ਸਰਕਾਰ ਨੂੰ 452.96 ਕਰੋੜ ਰੁਪਏ ਦੀ ਆਮਦਨ ਹੋਈ ਹੈ ਜੋ ਕਿ ਸਾਲ 2023 ਦੇ ਜੂਨ ਮਹੀਨੇ ਨਾਲੋਂ 42 ਫੀਸਦੀ ਜ਼ਿਆਦਾ ਹੈ। ਜੂਨ 2024 ਵਿਚ ਇਹ ਆਮਦਨ 319.33 ਕਰੋੜ ਰੁਪਏ ਸੀ। ਜਿੰਪਾ ਨੇ ਦੱਸਿਆ ਕਿ ਮਈ 2024 ਵਿਚ ਵੀ 526.36 ਕਰੋੜ ਰੁਪਏ ਸਰਕਾਰੀ ਖਜ਼ਾਨੇ ਵਿਚ ਆਏ ਜਦਕਿ ਮਈ 2023 ਵਿਚ ਇਹ ਰਕਮ 430.63 ਕਰੋੜ ਰੁਪਏ ਸੀ। ਪਿਛਲੇ ਸਾਲ ਦੇ ਮੁਕਾਬਲੇ ਇਹ ਵਾਧਾ 22 ਫੀਸਦੀ ਬਣਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਸਟੈਂਪ ਤੇ ਰਜਿਸਟਰੇਸ਼ਨ ਤਹਿਤ ਵੱਡੀ ਰਕਮ ਸਰਕਾਰ ਦੇ ਖਜ਼ਾਨੇ ਵਿਚ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮਾਲ ਵਿਭਾਗ ਦੇ ਕੰਮ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਲਈ ਪੰਜਾਬ ਸਰਕਾਰ ਪਹਿਲੇ ਦਿਨ ਤੋਂ ਹੀ ਸਾਰਥਕ ਹੰਭਲੇ ਮਾਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਹਕੂਮਤ ਸੰਭਾਲਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭ੍ਰਿਸ਼ਟਾਚਾਰ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਸ਼ਿਕਾਇਤ ਲਈ ਹੈਲਪਲਾਈਨ ਨੰਬਰ ਜਾਰੀ ਕੀਤਾ ਸੀ ਜਿਸਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੇ ਕੰਮਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਵੀ ਨੰਬਰ 8184900002 ਜਾਰੀ ਕੀਤਾ ਗਿਆ ਹੈ। ਐਨਆਰਆਈਜ਼ ਮਾਲ ਵਿਭਾਗ ਸਬੰਧੀ ਆਪਣੀਆਂ ਸ਼ਿਕਾਇਤਾਂ 9464100168 ਨੰਬਰ 'ਤੇ ਦਰਜ ਕਰਵਾ ਸਕਦੇ ਹਨ। ਇਹ ਨੰਬਰ ਸਿਰਫ ਲਿਖਤੀ ਸ਼ਿਕਾਇਤ ਲਈ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਖਿਲਾਫ ਸਖ਼ਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ ਅਤੇ ਅਪੀਲ ਕੀਤੀ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਜਾਇਜ਼ ਕੰਮ ਕਰਨ ਲਈ ਖੱਜਲ ਖੁਆਰ ਕਰਦਾ ਹੈ ਜਾਂ ਮਾਲ ਵਿਭਾਗ ਦੇ ਕੰਮਾਂ ਸਬੰਧੀ ਲੋਕਾਂ ਨੂੰ ਕੋਈ ਸ਼ਿਕਾਇਤ ਹੈ ਤਾਂ ਉਹ ਹੈਲਪ ਲਾਈਨ ਨੰਬਰਾਂ ਉੱਤੇ ਬੇਝਿਜਕ ਹੋਕੇ ਸ਼ਿਕਾਇਤ ਦਰਜ ਕਰਵਾਉਣ।

ਜਿੰਪਾ ਨੇ ਪੰਜਾਬ ਵਾਸੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਮਾਲ ਵਿਭਾਗ ਨਾਲ ਸਬੰਧਤ ਕਿਸੇ ਵੀ ਕੰਮ ਨੂੰ ਕਰਾਉਣ ਲਈ ਕਿਸੇ ਵੀ ਅਫਸਰ ਜਾਂ ਮੁਲਾਜ਼ਮ ਨੂੰ ਰਿਸ਼ਵਤ ਨਾ ਦਿੱਤੀ ਜਾਵੇ ਅਤੇ ਜੇਕਰ ਕੋਈ ਰਿਸ਼ਵਤ ਮੰਗਦਾ ਹੈ ਤਾਂ ਇਸ ਦੀ ਰਿਪੋਰਟ ਤੁਰੰਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭ੍ਰਿਸ਼ਟ ਅਫਸਰਾਂ ਤੇ ਮੁਲਾਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆਂ ਨਹੀਂ ਜਾਵੇਗਾ।

# ਸਰੀ 'ਚ ਅਣਪਛਾਤਿਆਂ ਵੱਲੋਂ ਗੋਲੀਬਾਰੀ ਦੀ ਘਟਨਾ 'ਚ ਇੱਕ ਜ਼ਖ਼ਮੀ

ਸਰੀ(ਕੈਨੇਡਾ)
ਸਾਂਝੀ ਸੋਚ ਬਿਊਰੋ



ਪੰਜਾਬੀਆਂ ਦੀ ਸੰਘਣੀ ਵੱਸੋਂ ਵਾਲੇ ਸਰੀ ਸ਼ਹਿਰ ਦੀ 73 ਐਵਿਨਿਊ ਨੇੜੇ ਸ਼ੁਕਰਵਾਰ ਤੜਕਸਾਰ ਅਗਿਆਤ ਵਿਅਕਤੀਆਂ ਵੱਲੋਂ ਚਲਾਈ ਗਈ ਗੋਲੀ ਦੌਰਾਨ ਇਕ ਵਿਅਕਤੀ ਦੇ ਗੰਭੀਰ ਰੂਪ 'ਚ ਫੱਟੜ ਹੋਣ ਦੀ ਸੂਚਨਾ ਮਿਲੀ ਹੈ। ਪ੍ਰਾਪਤ ਵੇਰਵਿਆਂ ਮੁਤਾਬਿਕ ਅੱਜ ਸਵੇਰੇ ਪੁਲਿਸ ਨੂੰ ਜਾਣਕਾਰੀ ਮਿਲੀ ਸੀ ਕਿ 73 ਐਵੀਨਿਊ ਨੇੜੇ ਸਥਿਤ ਹੋਮ ਡਿਪੂ ਦੀ ਪਾਰਕਿੰਗ 'ਚ ਇਕ ਵਿਅਕਤੀ ਜ਼ਖ਼ਮੀ ਹੋ ਕੇ ਡਿੱਗਿਆ ਪਿਆ ਹੈ, ਜਿਸ ਉਪਰੰਤ ਮੌਕੇ 'ਤੇ ਪੁੱਜੀ ਪੁਲਿਸ ਅਤੇ ਐਂਬੂਲੈਂਸ ਅਮਲੇ ਵੱਲੋਂ ਜ਼ਖ਼ਮੀ ਹੋਏ ਵਿਅਕਤੀ ਨੂੰ ਮੁੱਢਲੀ ਸਿਹਤ ਸਹਾਇਤਾ ਲਈ ਹਸਪਤਾਲ ਪਹੁੰਚਾਇਆ ਗਿਆ। ਪੁਲਿਸ ਵੱਲੋਂ ਇਸ ਘਟਨਾ ਦੀ ਤਹਿ ਤੱਕ ਜਾਣ ਲਈ ਲੋੜੀਂਦੀ ਛਾਣਬੀਣ ਕੀਤੀ ਜਾ ਰਹੀ ਹੈ।

# ਯੂ.ਕੇ ਦੇ ਪ੍ਰਧਾਨ ਮੰਤਰੀ ਵੱਲੋਂ ਨਵੀਂ ਕੈਬਨਿਟ ਦੀ ਨਿਯੁਕਤੀ

ਲੰਦਨ
ਸਾਂਝੀ ਸੋਚ ਬਿਊਰੋ



ਕੀਰ ਸਟਾਰਮਰ ਨੇ ਬਰਤਾਨੀਆ ਦੇ ਨਵੇਂ ਪ੍ਰਧਾਨ ਮੰਤਰੀ ਬਣ ਗਏ ਹਨ। ਉਨ੍ਹਾਂ ਬਕਿੰਘਮ ਪੈਲੇਸ ਵਿਚ ਕਿੰਗ ਚਾਰਲਸ ਤੀਜੇ ਨਾਲ ਮੁਲਾਕਾਤ ਤੋਂ ਬਾਅਦ 58ਵੇਂ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲ ਲਿਆ ਹੈ। ਲੇਬਰ ਪਾਰਟੀ ਨੇ 650 ਮੈਂਬਰੀ ਹਾਊਸ ਆਫ਼ ਕਾਮਨਜ਼ ਵਿਚ 412 ਸੀਟਾਂ ਹਾਸਲ ਕੀਤੀਆਂ, ਜੋ ਕਿ 2019 ਦੀਆਂ ਪਿਛਲੀਆਂ ਚੋਣਾਂ ਨਾਲੋਂ 211 ਵੱਧ ਹਨ। ਸੁਨਕ ਦੀ ਕੰਜ਼ਰਵੇਟਿਵਜ਼ ਪਾਰਟੀ ਨੇ ਪਿਛਲੀਆਂ ਚੋਣਾਂ ਨਾਲੋਂ 250 ਸੀਟਾਂ ਘੱਟ 121 ਸੀਟਾਂ ਜਿੱਤੀਆਂ ਹਨ। ਪ੍ਰਧਾਨ ਮੰਤਰੀ ਨੇ ਕੈਬਨਿਟ ਮੰਤਰੀਆਂ ਦੀ ਨਿਯੁਕਤੀ ਕਰ ਦਿੱਤੀ ਹੈ, ਜੋ ਇਸ ਤਰ੍ਹਾਂ ਹਨ: ਉਪ ਪ੍ਰਧਾਨ ਮੰਤਰੀ-ਐਂਜੇਲਾ ਰੇਨਰ, ਵਿੱਤ ਸਕੱਤਰ-ਰਾਫ਼ਲ ਰੀਵਜ਼; ਗ੍ਰਹਿ ਸਕੱਤਰ : ਯਵੇਟ ਕੂਪਰ, ਰੱਖਿਆ ਸਕੱਤਰ : ਜੌਨ ਹੀਲੀ, ਵਿਦੇਸ਼ ਸਕੱਤਰ-ਡੇਵਿਡ ਲੈਮੀ, ਨਿਆਂ ਸਕੱਤਰ- ਸ਼ਬਾਨਾ ਮਹਿਮੂਦ, ਟਰਾਂਸਪੋਰਟ ਸਕੱਤਰ- ਲੁਈਸ ਹੇਗ, ਵਾਤਾਵਰਨ, ਖੁਰਾਕ ਅਤੇ ਪੇਂਡੂ ਮਾਮਲਿਆਂ ਦੇ ਸਕੱਤਰ-ਸਟੀਵ ਰੀਡ, ਸੱਭਿਆਚਾਰ, ਮੀਡੀਆ, ਖੇਡ ਸਕੱਤਰ- ਲੀਜ਼ਾ ਨੰਦੀ ਨੂੰ ਬਣਾਇਆ ਗਿਆ ਹੈ।

# ਕੈਨੇਡਾ 'ਚ ਫਿਰੌਤੀਆਂ ਮੰਗਣ ਦੇ ਦੋਸ਼ ਹੇਠ 3 ਪੰਜਾਬੀਆਂ ਸਮੇਤ 5 ਗ੍ਰਿਫ਼ਤਾਰ

ਵੈਨਕੂਵਰ
ਸਾਂਝੀ ਸੋਚ ਬਿਊਰੋ



ਪੀਲ ਪੁਲਿਸ ਨੇ ਪਿਛਲੇ ਮਹੀਨਿਆਂ ਵਿਚ ਪੰਜਾਬੀ ਵਪਾਰੀਆਂ ਕੋਲੋਂ ਫਿਰੌਤੀਆਂ ਵਜੋਂ ਵੱਡੀਆਂ ਰਕਮਾਂ ਮੰਗਣ ਅਤੇ ਗੋਲੀਬਾਰੀ ਕਰਨ ਦੇ ਦੋਸ਼ਾਂ ਹੇਠ ਪੰਜ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ 'ਚ ਤਿੰਨ ਪੰਜਾਬੀ ਵੀ ਸ਼ਾਮਲ ਹਨ। ਇਸ ਬਾਰੇ ਪੀਲ ਪੁਲਿਸ ਦੇ ਉਪ ਮੁਖੀ ਮਾਰਕ ਐਂਡਰਿਊ ਨੇ ਦੱਸਿਆ ਕਿ ਕੁਝ ਮਹੀਨੇ ਪਹਿਲਾਂ ਕਈ ਵਪਾਰਕ ਅਦਾਰਿਆਂ ਦੇ ਮਾਲਕਾਂ ਨੂੰ ਅਣਪਛਾਤੇ ਨੰਬਰਾਂ ਤੋਂ ਫੋਨ ਕਰਕੇ ਵੱਡੀਆਂ ਰਕਮਾਂ ਦੀ ਮੰਗ ਕੀਤੀ ਜਾਂਦੀ ਸੀ ਅਤੇ ਕੁਝ ਕਾਰੋਬਾਰੀਆਂ ਨੂੰ ਡਰਾਉਣ ਲਈ ਉਨ੍ਹਾਂ ਦੇ ਸਟੋਰਾਂ 'ਤੇ ਗੋਲੀਬਾਰੀ ਵੀ ਹੋਈ। ਪੁਲਿਸ ਉਦੋਂ ਤੋਂ ਕਥਿਤ ਦੋਸ਼ੀਆਂ ਦਾ ਪਤਾ ਲਗਾ ਰਹੀ ਸੀ। ਆਖ਼ਰਕਾਰ ਸਬੂਤ ਇਕੱਠੇ ਕਰਕੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਵਿਚ ਦੁਪਿੰਦਰਦੀਪ ਚੀਮਾ (36), ਬੇਅੰਤ ਢਿੱਲੋਂ (51) ਦੋਵੇਂ ਵਾਸੀਆਨ ਬਰੈਂਪਟਨ ਅਤੇ ਅਰੁਣਦੀਪ ਥਿੰਦ (39) ਬੇਘਰਾ ਸਮੇਤ ਦੋ ਹੋਰਾਂ ਨੂੰ 14 ਵੱਖ-ਵੱਖ ਦੋਸ਼ਾਂ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਲਜ਼ਮਾਂ ਕੋਲੋਂ ਹੋਰ ਪੁੱਛ-ਪੜਤਾਲ ਕਰ ਕੇ ਅਦਾਲਤ ਵਿਚ ਪੇਸ਼ ਕੀਤਾ ਜਾਏਗਾ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇਹ ਮੁਲਜ਼ਮ ਦੱਖਣ ਏਸ਼ਿਆਈ ਭਾਈਚਾਰੇ ਨਾਲ ਸਬੰਧਤ ਕਾਰੋਬਾਰੀਆਂ ਨੂੰ ਫੋਨ ਕਰਕੇ ਫਿਰੌਤੀ ਦੀ ਮੰਗ ਕਰਦੇ ਸਨ ਅਤੇ ਕਈਆਂ ਨੂੰ ਡਰਾਉਣ ਲਈ ਉਨ੍ਹਾਂ ਦੀਆਂ ਕਾਰੋਬਾਰੀ ਥਾਵਾਂ 'ਤੇ ਗੋਲੀਬਾਰੀ ਵੀ ਕਰਦੇ ਸਨ, ਤਾਂ ਜੋ ਉਹ ਦਹਿਸ਼ਤ ਕਾਰਨ ਪੁਲਿਸ ਨੂੰ ਸੂਚਿਤ ਕਰਨ ਦੀ ਥਾਂ ਫਿਰੌਤੀ ਦੀ ਰਕਮ ਦੇਣਾ ਠੀਕ ਸਮਝਣ। ਪੁਲਿਸ ਅਫ਼ਸਰ ਨੇ ਹੋਰ ਪੀੜਤ ਕਾਰੋਬਾਰੀਆਂ ਨੂੰ ਵੀ ਸਾਹਮਣੇ ਆਉਣ ਦੀ ਅਪੀਲ ਕੀਤੀ ਹੈ, ਜੋ ਕਿ ਪਹਿਲਾਂ ਕਿਸੇ ਕਾਰਨ ਪੁਲਿਸ ਕੋਲ ਸ਼ਿਕਾਇਤ ਨਹੀਂ ਕਰ ਸਕੇ।


# ਹਿਮਾਚਲ ਪ੍ਰਦੇਸ਼ 'ਚ ਭਾਰੀ ਮੀਂਹ, 150 ਸੜਕਾਂ ਬੰਦ

ਸ਼ਿਮਲਾ
ਸਾਂਝੀ ਸੋਚ ਬਿਊਰੋ



ਹਿਮਾਚਲ ਪ੍ਰਦੇਸ਼ ਦੀਆਂ ਜ਼ਿਆਦਾਤਰ ਥਾਵਾਂ 'ਤੇ ਅੱਜ ਭਰਵਾਂ ਮੀਂਹ ਪਿਆ ਹੈ। ਧਰਮਸ਼ਾਲਾ ਅਤੇ ਪਾਲਮਪੁਰ ਵਿਚ ਭਾਰੀ ਮੀਂਹ ਪਿਆ, ਜਿੱਥੇ ਮੀਂਹ 200 ਮਿਲੀਮੀਟਰ ਤੋਂ ਵੱਧ ਪਿਆ। ਐਮਰਜੈਂਸੀ ਅਪਰੇਸ਼ਨ ਸੈਂਟਰ ਅਨੁਸਾਰ ਭਾਰੀ ਮੀਂਹ ਕਾਰਨ 150 ਸੜਕਾਂ ਦਾ ਸੰਪਰਕ ਹੋਰਾਂ ਨਾਲ ਟੁੱਟ ਗਿਆ ਹੈ, ਜਿਨ੍ਹਾਂ ਵਿਚ ਮੰਡੀ ਵਿਚ 111, ਸਿਰਮੌਰ ਵਿਚ 13, ਸ਼ਿਮਲਾ ਵਿਚ ਨੌਂ, ਚੰਬਾ ਅਤੇ ਕੁੱਲੂ ਵਿਚ ਅੱਠ-ਅੱਠ ਅਤੇ ਕਾਂਗੜਾ ਜ਼ਿਲ੍ਹੇ ਵਿਚ ਇੱਕ-ਇੱਕ ਸੜਕ ਭਾਰੀ ਮੀਂਹ ਕਾਰਨ ਆਵਾਜਾਈ ਲਈ ਬੰਦ ਹੈ। ਮੀਂਹ ਕਾਰਨ 55 ਜਲ ਸਪਲਾਈ ਸਕੀਮਾਂ ਪ੍ਰਭਾਵਿਤ ਹੋਈਆਂ ਹਨ। ਧਰਮਸ਼ਾਲਾ 'ਚ ਸਭ ਤੋਂ ਵੱਧ 214.6 ਮਿਲੀਮੀਟਰ, ਪਾਲਮਪੁਰ ਵਿਚ 212.4 ਮਿਲੀਮੀਟਰ, ਜੋਗਿੰਦਰਨਗਰ 169 ਮਿਲੀਮੀਟਰ, ਕਾਂਗੜਾ ਸ਼ਹਿਰ ਵਿਚ 157.6 ਮਿਲੀਮੀਟਰ, ਬੈਜਨਾਥ ਵਿਚ 142 ਮਿਲੀਮੀਟਰ, ਜੋਤ 95.2 ਮਿਲੀਮੀਟਰ, ਨਗਰੋਟਾ ਵਿਚ 90.2 ਮਿ.ਮੀ., ਨਾਦੌਨ 63 ਮਿਲੀਮੀਟਰ ਮੀਂਹ ਪਿਆ। ਸ਼ਿਮਲਾ ਮੌਸਮ ਵਿਭਾਗ ਨੇ 12 ਜੁਲਾਈ ਤੱਕ ਵੱਖ-ਵੱਖ ਥਾਵਾਂ 'ਤੇ ਗਰਜ ਨਾਲ ਬਿਜਲੀ ਚਮਕਣ ਦੀ ਚਿਤਾਵਨੀ ਜਾਰੀ ਕਰਦੇ ਹੋਏ ਯੈਲੋ ਅਲਰਟ ਜਾਰੀ ਕੀਤਾ ਹੈ।

Space available for Ad
Contact # +1 (209) 303-1260


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਟੈਕਸਾਸ ਵਿਚ ਮਾਂ ਨੇ ਅੱਤ ਦੀ ਗਰਮੀ ਵਿਚ ਆਪਣੇ 3 ਬੱਚਿਆਂ ਨੂੰ ਕਾਰ ਵਿਚ ਛੱਡਿਆ, ਹੋਈ ਗ੍ਰਿਫ਼ਤਾਰ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਟੈਕਸਾਸ ਰਾਜ ਵਿਚ ਸੈਨਐਨਟੋਨੀਓ ਵਿਖੇ ਇਕ ਮਾਂ ਵੱਲੋਂ ਆਪਣੇ 3 ਬੱਚਿਆਂ ਨੂੰ ਅੱਤ ਦੀ ਗਰਮੀ ਵਿਚ ਆਪਣੀ ਕਾਰ ਵਿਚ ਛੱਡ ਕੇ ਖਰੀਦਦਾਰੀ ਕਰਨ ਲਈ ਚਲੇ ਜਾਣ ਦੀ ਖਬਰ ਹੈ।

ਬਾਅਦ ਵਿਚ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਕ ਰਾਹਗੀਰ ਨੇ ਫੋਨ ਕਰਕੇ ਪੁਲਿਸ ਨੂੰ ਦੱਸਿਆ ਕਿ ਇਕ ਕਾਰ ਵਿਚ ਬੱਚੇ ਬੰਦ ਹਨ ਤੇ ਕਾਰ ਬੰਦ ਹੈ।

ਇਸ ਉਪਰੰਤ ਪੁਲਿਸ ਅਫਸਰ ਮੌਕੇ 'ਤੇ ਪੁੱਜੇ। ਸੈਨਐਨਟੋਨੀਓ ਪੁਲਿਸ ਵਿਭਾਗ ਅਨੁਸਾਰ ਮੁੱਢਲੀ ਰਿਪੋਰਟ ਅਨੁਸਾਰ ਕਾਰ ਵਿਚੋਂ 3 ਬੱਚੇ ਬਚਾਏ ਗਏ ਹਨ ਜਿਨਾਂ ਦੀ ਉਮਰ 1,2 ਤੇ 4 ਸਾਲ ਹੈ।

ਵਿਭਾਗ ਅਨੁਸਾਰ ਜਦੋਂ ਮਾਂ ਮੌਕੇ 'ਤੇ ਪੁੱਜੀ ਤਾਂ ਉਸ ਨੇ ਕਿਹਾ ਕਿ ਉਹ ਸਟੋਰ ਵਿਚ ਗਈ ਸੀ ਪਰੰਤੂ ਉਸ ਨਹੀਂ ਸੀ ਪਤਾ ਕਿ ਏਨਾ ਸਮਾਂ ਲੱਗ ਜਾਵੇਗਾ।

ਬੱਚੇ ਤਕਰੀਬਨ 50 ਮਿੰਟ ਕਾਰ ਵਿਚ ਬੰਦ ਰਹੇ। ਮਾਂ ਦੀ ਪਛਾਣ ਐਂਗਲਾ ਗਰਜ਼ਾ ਅਮਾਡੋਰ ਵਜੋਂ ਹੋਈ ਹੈ। ਜਿਸ ਨੂੰ ਗ੍ਰਿਫਤਾਰੀ ਉਪਰੰਤ ਨਿੱਜੀ ਮਚਲਕੇ 'ਤੇ ਰਿਹਾਅ ਕਰ ਦਿੱਤਾ ਗਿਆ।

# ਕੁਝ ਲੋਕ ਮੈਨੂੰ ਮੁਕਾਬਲੇ ਵਿੱਚੋਂ ਹਟਾ ਦੇਣਾ ਚਹੁੰਦੇ ਹਨ ਅਜਿਹਾ ਕਦੀ ਨਹੀਂ ਹੋਵੇਗਾ- ਜੋਅ ਬਾਇਡਨ




ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਰਾਸ਼ਟਰਪਤੀ ਜੋ ਬਾਈਡਨ ਨੇ ਇਕ ਚੋਣ ਰੈਲੀ ਦੌਰਾਨ ਕਿਹਾ ਕਿ ਉਨਾਂ ਦੇ ਕੁਝ ਸਾਥੀ ਡੈਮੋਕਰੈਟਸ 2024 ਦੀਆਂ ਚੋਣਾਂ ਵਿਚੋਂ ਉਸ ਨੂੰ ਬਾਹਰ ਕਰ ਦੇਣਾ ਚਹੁੰਦੇ ਹਨ ਪਰੰਤੂ ਅਜਿਹਾ ਨਹੀਂ ਹੋਵੇਗਾ, ਮੈ ਡਟਿਆ ਰਹਾਂਗਾ। ਮੈਡੀਸਨ, ਵਿਸਕਾਨਸਿਨ ਵਿਚ ਇਕ ਮਿਡਲ ਸਕੂਲ ਜਿਮਨੇਜੀਅਮ ਵਿਚ ਆਪਣੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਬਾਈਡਨ ਨੇ ਕਿਹਾ ਕਿ ਮੈ ਡੈਮੋਕਰੈਟਿਕ ਪਾਰਟੀ ਦੁਆਰਾ ਨਾਮਜ਼ਦ ਹਾਂ ਤੇ ਪੂਰੇ ਅਮਰੀਕਾ ਵਿਚੋਂ ਮੈਨੂੰ ਤੁਹਾਡੇ ਵਾਂਗ ਲੱਖਾਂ-ਕਰੋੜਾਂ ਡੈਮੋਕਰੈਟਸ ਨੇ ਵੋਟਾਂ ਪਾ ਕੇ ਨਾਮਜ਼ਦ ਕੀਤਾ ਹੈ।

ਉਨਾਂ ਕਿਹਾ ਹੋਰ ਕਿਸੇ ਨੇ ਨਹੀਂ ਤੁਸੀਂ ਮੈਨੂੰ ਆਪਣੇ ਉਮੀਦਵਾਰ ਵਜੋਂ ਵੋਟਾਂ ਪਾਈਆਂ ਹਨ। ਇਸ ਦੇ ਬਾਵਜੂਦ ਕੁਝ ਲੋਕ ਇਸ ਹਕੀਕਤ ਨੂੰ ਸਮਝ ਨਹੀਂ ਰਹੇ। ਉਹ ਮੈਨੂੰ ਚੋਣ ਮੈਦਾਨ ਵਿਚੋਂ ਬਾਹਰ ਕੱਢ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਉਨਾਂ ਕਿਹਾ ਮੈ ਸਪੱਸ਼ਟ ਤੌਰ 'ਤੇ ਆਪਣਾ ਪੱਖ ਰਖਣ ਜਾ ਰਿਹਾ ਹਾਂ ਤੇ ਉਹ ਇਹ ਹੈ ਕਿ ਮੈ ਮੁਕਾਬਲੇ ਵਿਚੋਂ ਨਹੀਂ ਹਟਾਂਗਾ ਤੇ ਮੈ ਡੋਨਲਡ ਟਰੰਪ ਨੂੰ ਹਰਾਵਾਂਗਾ। ਰੈਲੀ ਵਿਚ ਵਿਸਕਾਨਸਿਨ ਦੇ ਡੈਮੋਕਰੈਟਿਕ ਗਵਰਨਰ ਟੋਨੀ ਐਵਰਜ ਨੇ ਬਾਈਡਨ ਦੀ ਜਾਣ ਪਛਾਣ ਕਰਵਾਈ। ਬਾਈਡਨ ਨੇ ਕਿਹਾ 'ਕੁਝ ਕਿਆਸਅਰਾਈਆਂ ਲਾਈਆਂ ਜਾ ਰਹੀਆਂ ਹਨ ਕਿ ਬਾਈਡਨ ਕੀ ਕਰਨ ਜਾ ਰਿਹਾ ਹੈ? ਕੀ ਉਹ ਮੁਕਾਬਲੇ ਵਿਚ ਬਣਿਆ ਰਹੇਗਾ? ਕੀ ਉਹ ਮਕਾਬਲੇ ਵਿਚੋਂ ਹਟ ਰਿਹਾ ਹੈ? ਇਸ ਦੇ ਜਵਾਬ ਵਿਚ ਮੇਰਾ ਉਤਰ ਇਹ ਹੈ ਕਿ ਮੈ ਚੋਣ ਲੜਨ ਜਾ ਰਿਹਾ ਹਾਂ ਤੇ ਚੋਣ ਜਿਤਾਂਗਾ। ਰੈਲੀ ਤੋਂ ਬਾਅਦ ਵਸ਼ਿੰਗਟਨ ਜਾਣ ਲਈ ਏਅਰ ਫੋਰਸ ਦੇ ਜਹਾਜ਼ ਵਿਚ ਸਵਾਰ ਹੋਣ ਤੋਂ ਪਹਿਲਾਂ ਇਕ ਪੱਤਰਕਾਰ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿਚ ਬਾਈਡਨ ਨੇ ਚੋਣ ਮੁਕਾਬਲੇ ਵਿਚੋਂ ਹਟਣ ਦੀ ਸੰਭਾਵਨਾ ਨੂੰ ਮੁਕੰਮਲ ਤੌਰ 'ਤੇ ਰੱਦ ਕਰ ਦਿੱਤਾ। ਇਥੇ ਜਿਕਰਯੋਗ ਹੈ ਕਿ ਪਿਛਲੇ ਹਫਤੇ ਡੋਨਲਡ ਟਰੰਪ ਨਾਲ ਬਹਿਸ ਦੌਰਾਨ ਉਨਾਂ ਨੂੰ ਆਪਣੀ ਗੱਲ ਪੂਰੀ ਕਰਨ ਵਿੱਚ ਦਿੱਕਤ ਆਈ ਸੀ ਤੇ ਇਕ ਸਮੇ ਉਨਾਂ ਇਹ ਕਿਹਾ ਕਿ ਮੈ ਉਸ ਨੂੰ 2020 ਵਿਚ ਦੁਬਾਰਾ ਫਿਰ ਹਰਾਵਾਂਗਾ ਹਾਲਾਂ ਕਿ ਬਾਅਦ ਵਿਚ ਉਨਾਂ ਨੇ ਇਸ ਨੂੰ ਠੀਕ ਕਰਕੇ ਕਿਹਾ 'ਅਸੀਂ 2024 ਵਿਚ ਦੁਬਾਰਾ ਫਿਰ ਅਜਿਹਾ ਕਰਾਂਗੇ।' ਇਸ ਬਹਿਸ ਤੋਂ ਬਾਅਦ ਕੁਝ ਡੈਮੋਕਰੈਟਸ ਬਾਈਡਨ ਨੂੰ ਚੋਣ ਲੜਨ ਸਬੰਧੀ ਦੁਬਾਰਾ ਵਿਚਾਰ ਕਰਨ ਲਈ ਕਹਿ ਰਹੇ ਹਨ।

# ਸਪੋਰਟਸ ਕਲੱਬ ਬਾਲਟੀਮੋਰ ਦਾ ਸਲਾਨਾ ਸੱਤਵਾਂ ਮੇਲਾ ਵੱਖਰੀ ਛਾਪ ਛੱਡ ਗਿਆ



ਬਾਲਟੀਮੋਰ
ਸੁਰਿੰਦਰ ਗਿੱਲ

ਸਪੋਰਟਸ ਕਲੱਬ ਬਾਲਟੀਮੋਰ ਹਰ ਸਾਲ ਦੀ ਤਰਾਂ ਸੱਤਵਾਂ ਖੇਦ ਮੇਲਾ ਈਸਟਨ ਰਿਜਨਲ ਪਾਰਕ ਵਿੱਚ ਕਰਵਾਇਆ ਗਿਆ ਹੈ। ਜਿਸ ਵਿੱਚ ਵਾਲੀਬਾਲ,ਸਾਕਰ,ਰੱਸਾਕਸੀ,ਦੋੜਾ ਤੋ ਇਲਾਵਾ ਵਾਲੀਬਾਲ ਨੈਸ਼ਨਲ ਸਟਾਈਲ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਨਿਉਜਰਸੀ,ਵਰਜੀਨੀਆ,ਨਿਊਯਾਰਕ ਤੇ ਮੈਰੀਲੈਂਡ ਸਟੇਟ ਦੀਆਂ ਉਘੀਆ ਟੀਮਾ ਨੇ ਹਿੱਸਾ ਲਿਆ ਹੈ। ਮੈਚ ਬਹੁਤ ਹੀ ਫਸਵੇ ਤੇ ਦਿਲਚਸਪ ਰਹੇ। ਪਿਛਲੇ ਸਾਲ ਦੀ ਫੁਟਬਾਲ ਦੌ ਜੇਤੂ ਟੀਮ ਨੇ ਇਸੇ ਸਾਲ ਪੰਜ ਹਜ਼ਾਰ ਦਾ ਕੈਸ਼ ਇਨਾਮ ਜਿੱਤਿਆ ਸੀ। ਜੋ ਇਸ ਸਾਲ ਸੈਮੀਫਾਇਨਲ ਵਿਚ ਪਛੜ ਗਈ। ਵਾਲੀਬਾਲ ਵਿੱਚ ਮੈਰੀਲੈਂਡ ਟੀਮ ਨੇ ਨੈਸ਼ਨਲ ਸਟਾਈਲ ਵਿੱਚ ਬਹੁਤ ਸੋਹਣਾ ਪ੍ਰਦਰਸ਼ਨ ਕੀਤਾ।

ਛੋਟੇ ਬੱਚੇ ਤੇ ਬੱਚੀਆਂ ਦੇ ਦੋੜਾ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪੰਜਾਹ ਤੋਂ ਉੱਪਰ ਬੱਚਿਆਂ ਨੇ ਹਿੱਸਾ ਲਿਆ ਤੇ ਬਿਹਤਰ ਪ੍ਰਦਰਸ਼ਨ ਕਰਕੇ ਸਰੋਤੇ ਅਚੰਭੇ ਵਿੱਚ ਪਾ ਦਿੱਤੇ। ਰੱਸਾਕੱਸੀ ਦੇ ਮੁਕਾਬਲਿਆਂ ਨੇ ਹਾਜ਼ਰੀਨ ਦਾ ਅਥਾਹ ਮੰਨੋਰੰਜਨ ਕੀਤਾ। ਜੋ ਕਾਬਲੇ ਤਾਰੀਫ ਰਿਹਾ ਹੈ।

ਲੰਗਰ ਵਿਚ ਛੋਲੇ ਭਠੂਰੇ, ਕੜੀਚਾਵਲ, ਪੀਜ਼ਾ, ਪਕੌੜੇ, ਜਲੇਬੀਆਂ, ਸਮੋਸੇ, ਪੂਰੀਆਂ ਫਰੂਟ ਤੋ ਇਲਾਵਾ ਛਬੀਲ ਵਿੱਚ ਲੱਸੀ,ਰੂਹ ਅਫਜਾਹ,ਮੈਗੋਸ਼ੇਕ ਤੋ ਇਲਾਵਾ ਪਾਣੀ ਸੋਢਾ ਸਵੇਰ ਤੋਂ ਲੈ ਕੇ ਸ਼ਾਮ ਤੱਕ ਆਮ ਵਰਤਾਇਆ ਗਿਆ।

ਜੋ ਹਾਜ਼ਰੀਨ ਨੇ ਖੂਬ ਅਨੰਦ ਲਿਆ ਹੈ। ਸਮੁੱਚੀ ਟੀਮ ਵਧਾਈ ਦੀ ਪਾਤਰ ਹੈ। ਹਰਿਆਣਾ ਤੋ ਸਾਬਕਾ ਐਮ ਐਲ ਏ ਹਰਪਾਲ ਸਿੰਘ ਮੇਲੇ ਵਿੱਚ ਆਕਰਸ਼ਕ ਰਹੇ । ਕਿਰਨਦੀਪ ਸਿੰਘ ਭੋਲਾ,ਮਨਵੀਰ ਸਿੰਘ, ਕੇ ਕੇ ਸਿਧੂ,ਦਲਜੀਤ ਸਿੰਘ, ਜੱਸਾ ਸਿੰਘ, ਮਾਸਟਰ ਧਰਮਪਾਲ ਸਿੰਘ, ਜਿਦਰਪਾਲ ਸਿਘ ਬਰਾੜ, ਕੰਵਲਜੀਤ ਸਿੰਘ ਸਮਰਾ, ਸੁਰਜੀਤ ਸਿੰਘ ਭੱਟੀ, ਗੋਗੀ ਤੇ ਡਾਕਟਰ ਟੀ ਕੇ ਲੁਧਿਆਣਾ ਤੋਂ ਹਾਜ਼ਰੀ ਲਗਵਾਈ ਹੈ। ਟੀ ਕੇ ਸਿੰਘ ਨੇ ਕਿਲਾ ਰਾਏਪੁਰ ਦੀਆਂ ਖੇਡਾਂ ਨੂੰ ਚਾਲੂ ਰੱਖਿਆ ਹੋਇਆ ਹੈ।

ਸਮੁੱਚਾ ਖੇਡ ਮੇਲਾ ਬਹੁਤ ਹੀ ਕਾਮਯਾਬ ਰਿਹਾ ਹੈ। ਸਬਰੰਗ ਟੀ ਵੀ ਤੋਂ ਹਰਜੀਤ ਸਿੰਘ ਹੁੰਦਲ ਨੇ ਇਸ ਮੇਲੇ ਨੂੰ ਕੈਮਰਾਬੰਦ ਕਰਕੇ ਘਰ ਘਰ ਪਹੁੰਚਾਉਣ ਦਾ ਦਾਵਾ ਕੀਤਾ ਹੈ। ਜੋ ਕਾਬਲੇ ਤਾਰੀਫ ਰਿਹਾ ਹੈ। ਆਸ ਹੈ ਕਿ ਅਗਲੇ ਸਾਲ ਇਸ ਮੇਲੇ ਵਿੱਚ ਹੋਰ ਖੇਡਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਦਾ ਵਾਧਾ ਪ੍ਰਬੰਧਕਾਂ ਨੇ ਕੀਤਾ ਹੈ। ਇਨਾਮ ਦੀ ਰਾਸ਼ੀ ਵਿੱਚ ਵੀ ਆਕਰਸ਼ਕ ਇਨਾਮ ਸ਼ਾਮਲ ਕਰਨ ਦੀ ਗੱਲ ਕੀਤੀ ਹੈ।

**Matrimonial**

**Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.**

**Contact- +1(510) 200-1772**

**ਕੰਨਿਆ ਦੀ ਲੋੜ**

**ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।**

**ਸੰਪਰਕ- +1(510) 200-1772**




Punjabi Cultural Society Of
Tracy Presents
ਤੀਆਂ ਦਾ ਮੇਲਾ
KULWINDER BILLA
4 ਅਗਸਤ, 2024, ਦਿਨ ਐਤਵਾਰ
IPFES
PORTUGUESE HALL
400 W 9th St, Tracy, CA 95376
LADIES ONLY
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ |
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
MART LIQUOR
SANSAR
dhaba Indian Cuisine
CASTLE WINTON PHARMACY
Nor Cal Liquors
NEW INDIAN
CLEANERS
CITY AUTO
Two Guy's
TANDOORI PIZZA
Bright Smiles Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Kamal Transport
Continental C Express Inc
ROAD KING TRUCK LINES
MARCH DENTAL CARE
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926

# ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਪੱਛਮੀ ਵਿਧਾਨ ਸਭਾ ਵਿੱਚ ਕੀਤੀਆਂ ਜਨ ਸਭਾਵਾਂ, ਲੋਕਾਂ ਨੂੰ 'ਆਪ' ਉਮੀਦਵਾਰ ਨੂੰ ਜਿਤਾਉਣ ਦੀ ਕੀਤੀ ਅਪੀਲ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਨੀਵਾਰ ਨੂੰ ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਮੋਹਿੰਦਰ ਭਗਤ ਲਈ ਚੋਣ ਪ੍ਰਚਾਰ ਕੀਤਾ। ਮਾਨ ਨੇ ਇੱਥੇ ਕਈ ਜਨਤਕ ਮੀਟਿੰਗਾਂ ਨੂੰ ਸੰਬੋਧਨ ਕੀਤਾ ਅਤੇ ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਦੀ ਅਪੀਲ ਕੀਤੀ।

ਜਲੰਧਰ ਪੱਛਮੀ ਵਿਧਾਨ ਸਭਾ ਅਧੀਨ ਪੈਂਦੇ ਵਾਰਡ ਨੰਬਰ 35, 41, 44 ਅਤੇ ਵਾਰਡ ਨੰਬਰ 76 ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਦੇ ਕੌਮੀ ਆਗੂ ਅਤੇ ਰਾਜ ਸਭਾ ਮੈਂਬਰ ਸੰਜੇ ਸਿੰਘ ਅਤੇ 'ਆਪ' ਉਮੀਦਵਾਰ ਮੋਹਿੰਦਰ ਭਗਤ ਨਾਲ ਜਨ ਸਭਾਵਾਂ ਨੂੰ ਸੰਬੋਧਨ ਕੀਤਾ।

ਮੁੱਖ ਮੰਤਰੀ ਨੇ ਲੋਕਾਂ ਨਾਲ ਵਾਅਦਾ ਕਰਦਿਆਂ ਕਿਹਾ ਕਿ ਜੇਕਰ ਤੁਹਾਡਾ ਉਮੀਦਵਾਰ ਜਿੱਤ ਗਿਆ ਤਾਂ ਮੋਹਿੰਦਰ ਭਗਤ ਜੋ ਵੀ ਅਰਜ਼ੀ ਮੇਰੇ ਕੋਲ ਲੈ ਕੇ ਆਉਣਗੇ, ਮੈਂ ਉਨ੍ਹਾਂ ਸਾਰਿਆਂ 'ਤੇ ਦਸਤਖ਼ਤ ਕਰਕੇ ਪਾਸ ਕਰਾਂਗਾ। ਮਾਨ ਨੇ ਮੋਹਿੰਦਰ ਭਗਤ ਨੂੰ ਮੰਤਰੀ ਬਣਾਉਣ ਦਾ ਇਸ਼ਾਰਾ ਕਰਦਿਆਂ ਕਿਹਾ ਕਿ ਤੁਸੀਂ ਉਨ੍ਹਾਂ ਨੂੰ ਵਿਧਾਨ ਸਭਾ 'ਚ ਭੇਜੋ, ਮੈਂ ਉਨ੍ਹਾਂ ਨੂੰ ਅਗਲੀ ਪੌੜੀ ਚੜ੍ਹਾ ਦੇਵਾਂਗਾ।

ਮਾਨ ਨੇ ਕਿਹਾ ਕਿ ਮੈਂ ਦੋਆਬਾ ਅਤੇ ਮਾਝਾ ਖੇਤਰ ਦੇ ਲੋਕਾਂ ਦੇ ਕੰਮਾਂ ਲਈ ਜਲੰਧਰ ਵਿੱਚ ਆਪਣਾ ਦਫ਼ਤਰ ਖੋਲ੍ਹਿਆ ਹੈ। ਹੁਣ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਚੰਡੀਗੜ੍ਹ ਨਹੀਂ ਜਾਣਾ ਪਵੇਗਾ। ਸਰਕਾਰ ਖ਼ੁਦ ਤੁਹਾਡੇ ਬੂਹੇ 'ਤੇ ਹੈ। ਮਾਨ ਨੇ ਕਿਹਾ ਕਿ ਉਹ ਚੋਣਾਂ ਤੋਂ ਬਾਅਦ ਵੀ ਇਹ ਰਿਹਾਇਸ਼ ਆਪਣੇ ਕੋਲ ਰੱਖਣਗੇ ਅਤੇ ਹਫ਼ਤੇ ਵਿੱਚ ਘੱਟੋ-ਘੱਟ ਦੋ ਦਿਨ ਇੱਥੇ ਲੋਕਾਂ ਨੂੰ ਮਿਲਣਗੇ।

ਮਾਨ ਨੇ ਕਾਂਗਰਸ ਪਾਰਟੀ ਦੀ ਉਮੀਦਵਾਰ ਸੁਰਿੰਦਰ ਕੌਰ 'ਤੇ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਜੇਕਰ ਉਹ ਜਲੰਧਰ ਦੇ ਡਿਪਟੀ ਮੇਅਰ ਹੁੰਦਿਆਂ ਆਪਣੇ ਵਾਰਡ ਦੇ ਕੰਮ ਨਹੀਂ ਕਰਵਾ ਸਕੀ ਤਾਂ ਇੰਨੇ ਵੱਡੇ ਵਿਧਾਨ ਸਭਾ ਹਲਕੇ ਦੇ ਕੰਮ ਕਿਵੇਂ ਕਰਵਾਉਣਗੇ। ਮਾਨ ਨੇ ਕਿਹਾ ਕਿ ਗਲੀਆਂ, ਨਾਲੀਆਂ ਅਤੇ ਸੀਵਰੇਜ ਸਿਸਟਮ ਆਦਿ ਦਾ ਕੰਮ ਨਗਰ ਨਿਗਮ ਅਧੀਨ ਆਉਂਦਾ ਹੈ। ਜਲੰਧਰ ਨਗਰ ਨਿਗਮ ਵਿੱਚ ਇਸ ਵੇਲੇ ਕਾਂਗਰਸ ਦਾ ਮੇਅਰ ਹੈ, ਉਸ ਨੇ ਇਸ ਲਈ ਕੁਝ ਨਹੀਂ ਕੀਤਾ। ਇੱਥੋਂ ਤੱਕ ਕਿ ਉਨ੍ਹਾਂ ਸੀਵਰੇਜ ਦੇ ਢੱਕਣ ਵੀ ਨਹੀਂ ਬਦਲੇ।

ਮਾਨ ਨੇ ਅਕਾਲੀ ਦਲ ਦੇ ਮੁਖੀ ਸੁਖਬੀਰ ਬਾਦਲ 'ਤੇ ਵੀ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਅਕਾਲੀ ਦਲ ਬਾਦਲ ਦੀ ਹਾਲਤ ਇੰਨੀ ਮਾੜੀ ਹੋ ਗਈ ਹੈ ਕਿ ਸੁਖਬੀਰ ਬਾਦਲ ਆਪਣੇ ਉਮੀਦਵਾਰ ਤੋਂ ਸਮਰਥਨ ਵਾਪਸ ਲੈ ਕੇ ਲੋਕਾਂ ਨੂੰ ਬਹੁਜਨ ਸਮਾਜ ਪਾਰਟੀ ਨੂੰ ਵੋਟ ਪਾਉਣ ਲਈ ਕਹਿ ਰਹੇ ਹਨ।

ਮਾਨ ਨੇ ਕਿਹਾ ਕਿ ਮੈਂ ਪੈਸਾ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਇਆ ਹਾਂ। ਜੇਕਰ ਮੈਂ ਪੈਸਾ ਕਮਾਉਣਾ ਹੁੰਦਾ ਤਾਂ ਇੱਕ ਕਲਾਕਾਰ ਦੇ ਤੌਰ 'ਤੇ ਮੈਂ ਹੁਣ ਤੱਕ ਬਹੁਤ ਕਮਾ ਲਿਆ ਹੁੰਦਾ। ਮੈਂ ਪੰਜਾਬ ਦੇ ਲੋਕਾਂ ਦੀ ਸੇਵਾ ਅਤੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਰਾਜਨੀਤੀ ਵਿੱਚ ਆਇਆ ਹਾਂ।

ਉਨ੍ਹਾਂ ਕਿਹਾ ਕਿ ਤਿੰਨੋਂ ਪਾਰਟੀਆਂ ਅਕਾਲੀ ਦਲ, ਭਾਜਪਾ ਅਤੇ ਕਾਂਗਰਸ



ਮੈਨੂੰ ਹਰਾਉਣ ਲਈ ਇਕੱਠੀ ਹੋ ਗਈ ਹਨ ਕਿਉਂਕਿ ਤਿੰਨਾਂ ਨੇ ਮਿਲ ਕੇ ਪੰਜਾਬ ਨੂੰ ਲੁੱਟਿਆ ਹੈ। ਉਨ੍ਹਾਂ ਕਿਹਾ ਕਿ ਤਿੰਨਾਂ ਪਾਰਟੀਆਂ ਨੂੰ ਇਸ ਗੱਲ ਤੋਂ ਬਹੁਤ ਪ੍ਰੇਸ਼ਾਨੀ ਹੈ ਕਿ ਆਮ ਘਰਾਂ ਦੇ ਨੌਜਵਾਨ ਵਿਧਾਇਕ, ਮੰਤਰੀ ਅਤੇ ਮੁੱਖ ਮੰਤਰੀ ਕਿਵੇਂ ਬਣ ਗਏ।

ਮਾਨ ਨੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ 'ਤੇ ਵੀ ਹਮਲਾ ਬੋਲਦਿਆਂ ਕਿਹਾ ਕਿ ਉਨ੍ਹਾਂ ਨੇ ਇੱਥੋਂ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਵਿੱਚ ਰਹਿੰਦਿਆਂ ਦੋ ਨੰਬਰ ਦੇ ਕੰਮ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਇਸ ਲਈ ਉਹ ਭਾਜਪਾ ਵਿੱਚ ਸ਼ਾਮਲ ਹੋਏ ਹਨ। ਅੱਜ ਕੱਲ੍ਹ ਭਾਜਪਾ ਭ੍ਰਿਸ਼ਟ ਨੇਤਾਵਾਂ ਦੀ ਪਹਿਲੀ ਪਸੰਦ ਹੈ। ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਚੋਣ ਵਿੱਚ ਉਨ੍ਹਾਂ ਨੂੰ ਅਜਿਹਾ ਸਬਕ ਸਿਖਾਉਣ ਕਿ ਕੋਈ ਵੀ ਵਿਧਾਇਕ ਦੁਬਾਰਾ ਇਸ ਤਰ੍ਹਾਂ ਅਸਤੀਫ਼ਾ ਦੇਣ ਦੀ ਹਿੰਮਤ ਨਾ ਕਰੇ।

ਮਾਨ ਨੇ ਭਾਜਪਾ 'ਤੇ ਚੁਟਕੀ ਲੈਂਦਿਆਂ ਕਿਹਾ ਕਿ ਪੱਤਰਕਾਰਾਂ ਨੇ ਮੈਨੂੰ ਪੁੱਛਿਆ ਕਿ ਅਸੀਂ ਮੋਦੀ ਨੂੰ ਦਿੱਲੀ ਅਤੇ ਪੰਜਾਬ 'ਚ ਕਿਵੇਂ ਰੋਕਿਆ। ਮੈਂ ਕਿਹਾ, ਕਮਲ ਚਿੱਕੜ ਵਿੱਚ ਖਿੜਦਾ ਹੈ, ਅਸੀਂ ਝਾੜੂ ਨਾਲ ਉਸ ਚਿੱਕੜ ਨੂੰ ਸਾਫ਼ ਕਰਦੇ ਹਾਂ, ਇਸ ਲਈ ਦਿੱਲੀ ਅਤੇ ਪੰਜਾਬ ਵਿੱਚ ਕਮਲ ਨਹੀਂ ਹੈ।

ਮੁੱਖ ਮੰਤਰੀ ਨੇ ਜਨ ਸਭਾ ਵਿੱਚ ਆਏ ਨੌਜਵਾਨਾਂ ਨੂੰ ਕਿਹਾ ਕਿ ਰਾਜਨੀਤੀ ਮਾੜੀ ਨਹੀਂ ਹੈ। ਸਮੱਸਿਆ ਬੁਰੇ ਲੋਕਾਂ ਦੀ ਵੱਡੀ ਗਿਣਤੀ ਹੈ। ਅਜਿਹਾ ਇਸ ਲਈ ਵੀ ਹੈ ਕਿਉਂਕਿ ਚੰਗੇ ਲੋਕ ਇਸ ਤੋਂ ਦੂਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਤੁਹਾਡੀ ਜ਼ਿੰਦਗੀ ਦੀ ਹਰ ਚੀਜ਼ ਰਾਜਨੀਤੀ ਤੋਂ ਤੈਅ ਹੁੰਦੀ ਹੈ, ਇੱਥੋਂ ਤੱਕ ਕਿ ਤੁਸੀਂ ਕੀ ਖਾਓਗੇ ਅਤੇ ਕੀ ਪਹਿਨੋਗੇ। ਇਸ ਲਈ ਰਾਜਨੀਤੀ ਤੋਂ ਭੱਜੋ ਨਾ, ਸਗੋਂ ਸਰਗਰਮੀ ਨਾਲ ਹਿੱਸਾ ਲਓ।

ਜਨ ਸਭਾ ਨੂੰ ਸੰਬੋਧਨ ਕਰਦਿਆਂ 'ਆਪ' ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਹਰ ਵਰਗ ਲਈ ਇਤਿਹਾਸਕ ਕੰਮ ਕੀਤੇ ਹਨ। ਅਜਿਹਾ ਮੁੱਖ ਮੰਤਰੀ ਪੰਜਾਬ ਵਿੱਚ ਪਹਿਲੀ ਵਾਰ ਬਣਿਆ ਹੈ। ਉਨ੍ਹਾਂ ਕਿਹਾ ਕਿ ਮਾਨ ਦੀ ਸਰਕਾਰ 'ਚ ਪੰਜਾਬ ਦੇ ਆਮ ਲੋਕਾਂ ਦੇ ਬਿਜਲੀ ਦੇ ਬਿੱਲ ਜ਼ੀਰੋ 'ਤੇ ਆ ਰਹੇ ਹਨ। ਅੱਜ ਪੰਜਾਬ ਦੇ ਕਰੀਬ 90 ਫ਼ੀਸਦੀ ਘਰਾਂ ਨੂੰ ਜ਼ੀਰੋ ਬਿਜਲੀ ਦਾ ਬਿੱਲ ਆ ਰਿਹਾ ਹੈ।

'ਆਪ' ਸਰਕਾਰ ਦੇ ਸੱਤਾ 'ਚ ਆਉਣ ਤੋਂ ਬਾਅਦ ਪੰਜਾਬ 'ਚ ਵੱਖ-ਵੱਖ ਥਾਵਾਂ 'ਤੇ ਮੁਹੱਲਾ ਕਲੀਨਿਕ ਬਣਾਏ ਜਾ ਰਹੇ ਹਨ। ਹੁਣ ਤੱਕ ਕਰੀਬ 850 ਮੁਹੱਲਾ ਕਲੀਨਿਕ ਬਣਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਦੋ ਕਰੋੜ ਤੋਂ ਵੱਧ ਲੋਕ ਆਪਣਾ ਇਲਾਜ ਕਰਵਾ ਚੁੱਕੇ ਹਨ। ਨੌਜਵਾਨਾਂ ਨੂੰ ਰੁਜ਼ਗਾਰ ਮਿਲ ਰਿਹਾ ਹੈ। ਪਿਛਲੇ ਦੋ ਸਾਲਾਂ ਵਿੱਚ ਤਕਰੀਬਨ 43 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਮਿਲੀਆਂ ਹਨ।

ਵਪਾਰੀਆਂ ਦੀ ਸਹੂਲਤ ਲਈ ਸਰਕਾਰ ਨੇ ਹਰੇ ਰੰਗ ਦੇ ਸਟੈਂਪ ਪੇਪਰ ਜਾਰੀ ਕੀਤੇ, ਜਿਸ ਨਾਲ ਉਨ੍ਹਾਂ ਦੀ ਰਿਸ਼ਵਤਖ਼ੋਰੀ, ਅਫ਼ਸਰਸ਼ਾਹੀ ਅਤੇ ਦਫ਼ਤਰਾਂ ਵਿਚ ਆਉਣ-ਜਾਣ ਦੀਆਂ ਮੁਸ਼ਕਲਾਂ ਖ਼ਤਮ ਹੋ ਗਈਆਂ। ਇਸ ਤੋਂ ਇਲਾਵਾ ਪਿਛਲੇ ਦੋ ਸਾਲਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ 16 ਟੋਲ ਪਲਾਜ਼ੇ ਬੰਦ ਕੀਤੇ ਹਨ, ਜਿਸ ਕਾਰਨ ਪੰਜਾਬੀਆਂ ਦੀ ਰੋਜ਼ਾਨਾ 70 ਲੱਖ ਰੁਪਏ ਤੋਂ ਵੱਧ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰ ਦਿੱਤਾ ਹੈ। ਉਨ੍ਹਾਂ ਨੇ ਭ੍ਰਿਸ਼ਟ ਅਧਿਕਾਰੀਆਂ ਅਤੇ ਕਰਮਚਾਰੀਆਂ ਵਿਰੁੱਧ ਸ਼ਿਕਾਇਤਾਂ ਲਈ ਹੈਲਪ ਲਾਈਨ ਨੰਬਰ ਜਾਰੀ ਕੀਤਾ ਅਤੇ ਇਸ 'ਤੇ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ 500 ਦੇ ਕਰੀਬ ਭ੍ਰਿਸ਼ਟ ਲੋਕਾਂ ਵਿਰੁੱਧ ਕਾਰਵਾਈ ਕੀਤੀ। ਮਾਨ ਸਰਕਾਰ ਨੇ ਨਸ਼ਿਆਂ ਖ਼ਿਲਾਫ਼ ਵੀ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਹੈ। ਹੁਣ ਤੱਕ ਕਰੀਬ 26 ਹਜ਼ਾਰ ਲੋਕਾਂ ਵਿਰੁੱਧ ਐਨਡੀਪੀਐਸ ਤਹਿਤ ਕੇਸ ਦਰਜ ਕੀਤੇ ਜਾ ਚੁੱਕੇ ਹਨ ਅਤੇ ਕਰੋੜਾਂ ਰੁਪਏ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਜਾ ਚੁੱਕੇ ਹਨ।

ਸੰਜੇ ਸਿੰਘ ਨੇ ਭਾਜਪਾ, ਕਾਂਗਰਸ ਅਤੇ ਅਕਾਲੀ ਦਲ 'ਤੇ ਹਮਲਾ ਬੋਲਦਿਆਂ ਕਿਹਾ ਕਿ ਅਕਾਲੀ ਸਰਕਾਰ ਵੇਲੇ ਅਕਾਲੀ ਆਗੂ ਗੁੰਡਾਗਰਦੀ ਕਰਦੇ ਸਨ ਅਤੇ ਅਪਰਾਧੀਆਂ-ਮਾਫ਼ੀਆ ਨੂੰ ਸਰਕਾਰੀ ਸ਼ਹਿ ਦਿੰਦੇ ਸਨ। ਜਦੋਂ ਕਿ ਕਾਂਗਰਸ ਸਰਕਾਰ ਨੇ ਪੰਜ ਸਾਲਾਂ ਵਿੱਚ ਪੰਜਾਬ ਦੇ ਵਿਕਾਸ ਲਈ ਕੁਝ ਨਹੀਂ ਕੀਤਾ, ਸਿਰਫ਼ ਭ੍ਰਿਸ਼ਟਾਚਾਰ ਹੀ ਕੀਤਾ ਅਤੇ ਭਾਜਪਾ ਜਾਤ, ਧਰਮ ਅਤੇ ਨਫ਼ਰਤ ਦੀ ਰਾਜਨੀਤੀ ਕਰਦੀ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਪਾਰਟੀ ਚੋਰ ਹੈ। ਅਸੀਂ ਸਾਈਕਲ ਚੋਰਾਂ ਅਤੇ ਬਾਈਕ ਚੋਰਾਂ ਬਾਰੇ ਸੁਣਿਆ ਹੈ ਪਰ ਭਾਜਪਾ ਇੱਕ ਵੱਖਰੀ ਕਿਸਮ ਦੀ ਚੋਰ ਹੈ। ਉਹ ਸਿਆਸੀ ਪਾਰਟੀਆਂ ਦੇ ਵਿਧਾਇਕ ਅਤੇ ਚੋਣ ਨਿਸ਼ਾਨ ਚੋਰੀ ਕਰਦੀ ਹੈ।

ਇੱਥੇ ਵੀ ਭਾਜਪਾ ਨੇ ਸਾਡੇ ਵਿਧਾਇਕ ਨੂੰ ਚੋਰੀ ਕਰ ਲਿਆ, ਜਿਸ ਕਾਰਨ ਇਹ ਜ਼ਿਮਨੀ ਚੋਣ ਹੋ ਰਹੀ ਹੈ।

ਜਲੰਧਰ ਪੱਛਮੀ ਵਿਧਾਨ ਸਭਾ ਉਪ ਚੋਣ 'ਚ 'ਆਪ' ਉਮੀਦਵਾਰ ਮੋਹਿੰਦਰ ਭਗਤ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਅਤੇ ਗ਼ਰੀਬਾਂ ਦੀ ਸਰਕਾਰ ਹੈ। ਸਰਕਾਰ ਅਮੀਰਾਂ ਤੋਂ ਟੈਕਸ ਵਸੂਲ ਰਹੀ ਹੈ ਅਤੇ ਉਸ ਪੈਸੇ ਦੀ ਵਰਤੋਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਲਈ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕੋਈ ਮੁੱਖ ਮੰਤਰੀ ਆਪਣੇ ਪਰਿਵਾਰ ਸਮੇਤ ਜਲੰਧਰ ਵਿੱਚ ਰਹਿਣ ਆਇਆ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜਲੰਧਰ ਦੇ ਵਿਕਾਸ ਲਈ ਬਹੁਤ ਸੰਵੇਦਨਸ਼ੀਲ ਹਨ, ਇਸ ਲਈ ਇਸ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਬਹੁਤ ਜ਼ਰੂਰੀ ਹੈ।

# ਜਲੰਧਰ ਜ਼ਿਮਨੀ ਚੋਣ ਤੋਂ ਪਹਿਲਾਂ 'ਆਪ' ਦਾ ਲਗਾਤਾਰ ਵਧਦਾ ਜਾ ਰਿਹਾ ਹੈ ਗਰਾਫ਼

ਜਲੰਧਰ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ 'ਆਪ' ਦਾ ਪਰਿਵਾਰ ਲਗਾਤਾਰ ਵਧਦਾ ਜਾ ਰਿਹਾ ਹੈ। ਜਲੰਧਰ ਪੱਛਮੀ ਜ਼ਿਮਨੀ ਚੋਣ ਤੋਂ ਪਹਿਲਾਂ ਇਕ ਵਾਰ ਫਿਰ ਆਪ ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਸ਼ਨੀਵਾਰ ਨੂੰ ਅਜ਼ਾਦ ਉਮੀਦਵਾਰ ਅਜੈਵੀਰ ਵਾਲਮੀਕੀ ਅਤੇ ਦੀਪਕ ਭਗਤ ਆਪਣੇ ਸੈਂਕੜੇ ਸਾਥੀਆਂ ਨਾਲ ਆਪ 'ਚ ਸ਼ਾਮਲ ਹੋ ਗਏ।ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਦੋਵਾਂ ਆਗੂਆਂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਪਾਰਟੀ ਵਿਚ ਸਵਾਗਤ ਕੀਤਾ। ਸੀਐਮ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿਚ ਪੂਰਾ ਮਾਨ-ਸਨਮਾਨ ਦਿੱਤਾ ਜਾਵੇਗਾ। ਪਾਰਟੀ 'ਚ ਸ਼ਾਮਲ ਹੋਣ ਤੋਂ ਬਾਅਦ ਦੋਵਾਂ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਦੀ ਲੋਕ-ਪੱਖੀ ਨੀਤੀਆਂ



ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਪਾਰਟੀ 'ਚ ਸ਼ਾਮਲ ਹੋਣ ਦਾ ਫ਼ੈਸਲਾ ਲਿਆ ਹੈ। ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜਲੰਧਰ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਹਨ। ਉਨ੍ਹਾਂ ਕਿਹਾ ਕਿ 2022 ਦੀ ਵਿਧਾਨ ਸਭਾ ਚੋਣਾਂ ਦੌਰਾਨ ਜਲੰਧਰ ਦੇ ਲੋਕਾਂ ਨੇ 'ਆਪ' ਉਮੀਦਵਾਰ ਨੂੰ ਜਿਤਾਇਆ ਸੀ। ਇਸ ਲਈ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਇਸ ਵਾਰ ਵੀ ਇੱਥੋਂ ਦੇ ਲੋਕ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਭਾਰੀ ਵੋਟਾਂ ਨਾਲ ਜਿੱਤਾ ਕੇ ਵਿਧਾਨ ਸਭਾ ਭੇਜਣਗੇ।

ਉਨ੍ਹਾਂ ਕਿਹਾ ਕਿ ਮੋਹਿੰਦਰ ਭਗਤ ਇਕ ਇਮਾਨਦਾਰ ਆਗੂ ਹਨ। ਵਿਧਾਇਕ ਬਣਨ ਤੋਂ ਬਾਅਦ ਉਹ ਜਲੰਧਰ ਪੱਛਮੀ ਦਾ ਤਨਦੇਹੀ ਨਾਲ ਵਿਕਾਸ ਕਰਨਗੇ ਅਤੇ ਸਾਰੇ ਰੁਕੇ ਹੋਏ ਕੰਮਾਂ ਨੂੰ ਤੇਜ਼ੀ ਨਾਲ ਪੂਰਾ ਕਰਾਉਣਗੇ।

# ਬਾਰਸ਼ ਦਾ ਪਾਣੀ ਜੋਧਾਨਗਰੀ ਵਾਸੀਆਂ ਲਈ ਬਣਿਆ ਮੁਸੀਬਤ

ਬਿਆਸ
ਬਲਰਾਜ ਸਿੰਘ ਰਾਜਾ

ਬੀਤੀ ਰਾਤ ਹੋਈ ਬਾਰਸ਼ ਕਾਰਨ ਪਿੰਡ ਜੋਧਾਨਗਰੀ ਵਾਸੀਆਂ ਨੇ ਦੱਸਿਆ ਕਿ ਪਿੰਡ ਦੇ ਮਿਡਲ ਸਕੂਲ ਨੂੰ ਅਤੇ ਜੀ ਟੀ ਰੋਡ ਕਸਬਾ ਟਾਂਗਰਾਂ ਨੂੰ ਜੋੜਦੀ ਸੜਕ ਬਾਰਸ਼ ਦੇ ਪਾਣੀ ਨਾਲ ਨਿਕਾਸ ਦਾ ਪ੍ਰਬੰਧ ਨਾ ਹੋਣ ਕਾਰਨ ਅਤੇ ਛੱਪੜ ਦਾ ਪਾਣੀ ਥੋੜਾ ਜਿਹਾ ਮੀਂਹ ਪੈਣ ਤੇ ਪਾਣੀ ਸੜਕ ਵਿਚ ਖੜਾ ਹੋ ਜਾਂਦਾ ਹੈ। ਜਿਸ ਕਰਕੇ ਸਕੂਲੀ ਬੱਚੇ ਅਤੇ ਆਉਣ ਜਾਣ ਵਾਲਿਆਂ ਨੂੰ ਬਹੁਤ ਮੁਸ਼ਕਲ ਹੁੰਦੀ ਹੈ।

ਸੜਕ ਵੀ ਟੁਟਣੀ ਸ਼ੁਰੂ ਹੋ ਜਾਂਦੀ ਹੈ। ਬਰਸਾਤ ਦੇ ਮੌਸਮ ਦਾ ਪਹਿਲਾ ਮੀਂਹ ਪੈਣ ਤੇ ਹੀ ਪਾਣੀ ਖੜਾ ਹੋਣ ਕਾਰਣ ਸੜਕਾਂ ਟੁੱਟਦੀਆਂ ਹਨ। ਲਾਗਲੇ ਖੇਤ ਮਾਲਕਾਂ ਦੇ ਠੇਕੇਦਾਰ ਬਾਰਸ਼ ਦਾ ਪਾਣੀ ਆਪਣੇ ਖੇਤਾਂ ਵਿਚ ਨਹੀਂ ਪੈਣ ਦਿੰਦੇ ਕਿਉਕਿ ਜ਼ਿਆਦਾ ਪਾਣੀ ਨਾਲ ਫਸਲ ਖਰਾਬ ਹੋ ਜਾਂਦੀ ਹੈ । ਮੇਨ ਕਾਰਨ



ਛੱਪੜਾਂ ਦੀ ਸਫਾਈ ਨਾ ਹੋਣਾ ਮੰਨਿਆ ਜਾਂਦਾ ਹੈ ਲੋਕਾਂ ਦਾ ਮੰਨਣਾ ਹੈ ਕਿ ਸਰਕਾਰ ਵੱਲੋਂ ਪਿੰਡਾਂ ਨੂੰ ਸ਼ਹਿਰਾਂ ਵਰਗਾ ਬਣਾਉਣ ਦੇ ਦਾਅਵੇ ਜਰੂਰ ਹੁੰਦੇ ਹਨ ਪਰ ਦਿਨੋ ਦਿਨ ਹਾਲਤ ਪਹਿਲਾਂ ਨਾਲੋਂ ਖਰਾਬ ਹੁੰਦੀ ਜਾ ਰਹੀ ਹੈ। ਲੋਕਾਂ ਨੇ ਸਰਕਾਰ ਤੇ ਪ੍ਰਸ਼ਾਸਨ ਕੋਲੋ ਮੰਗ ਕੀਤੀ ਕਿ ਸਾਨੂੰ ਗੰਦੇ ਪਾਣੀ ਤੋਂ ਨਿਜਾਤ ਦਿਵਾਈ ਜਾਵੇ ਇਸ ਮੌਕੇ ਨਗਰ ਨਿਵਾਸੀ ਹਾਜ਼ਰ ਸਨ ।


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

# EXIT REALTY CONSULTANTS

150 W.Yosemite Ave.,Manteca ,CA ,95336



**ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ**

**(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )**

**ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ**

**ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ**

## Raman Bassi

Realtor DRE # 02162139



**ਵਧੇਰੇ ਜਾਣਕਾਰੀ ਲਈ ਕਾਲ ਕਰੋ**

**Cell : 510-432-8122**

**Office : 209-823-1234**

www.RamanBassi.EXITHOME.COM

RBassi@EXITHOME.com


IAPW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
SHIPRA GOYAL
HARMANDEEP KAUR
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
$10 MANDATORY RAFFLE
ENTRY TICKET AT THE GATE
FOR PARTICIPATION, BOOTH BOOKINGS
N SPONSORSHIP, PLEASE CONTACT
CALL : (530) 845-4800
JOT RANJIT KAUR
(HOST)
PARM TAKHAR
(HOST)
PINNU BRAR
MANINDER MAAN
NAVI GILL
HARDEEP BINNING
DALBIR RAI
JASWANT DHILLON
BAL K SINDAL
SANDEEP DEOL
MANDEEP KAUR
KEERAT TAKHAR
SUKHI JHUTTY
SITAL GORAYA
BAKHSHO VISLA
SHIVPREET BIHALA
NEETU HUNDAL
RAJINDER KAUR
( OWNER MEHFIL )


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਦੇਸ਼ ਭਗਤ ਮਿਊਜ਼ੀਅਮ ਨੂੰ ਦਿੱਤਾ ਜਾਏਗਾ ਨਵਾਂ ਮੁਹਾਂਦਰਾ



ਜਲੰਧਰ
ਸਾਂਝੀ ਸੋਚ ਬਿਊਰੋ

ਦੇਸ਼ ਭਗਤ ਯਾਦਗਾਰ ਦੀਆਂ ਤਿੰਨ ਸਬ-ਕਮੇਟੀਆਂ ਇਤਿਹਾਸ, ਮਿਊਜ਼ੀਅਮ ਅਤੇ ਲਾਇਬ੍ਰੇਰੀ ਦੀ ਸਾਂਝੀ ਮੀਟਿੰਗ 'ਚ ਗੰਭੀਰ ਵਿਚਾਰ ਵਟਾਂਦਰੇ ਉਪਰੰਤ ਫੈਸਲਾ ਕੀਤਾ ਗਿਆ ਕਿ ਇਤਿਹਾਸ, ਮਿਊਜ਼ੀਅਮ ਅਤੇ ਲਾਇਬ੍ਰੇਰੀ ਦੀ ਤ੍ਰਿਵੈਣੀ ਵੱਲੋਂ ਆਪਣੀ ਇਤਿਹਾਕ ਭੂਮਿਕਾ ਮਿਆਰੀ ਅੰਦਾਜ਼ ਵਿੱਚ ਨੇਪਰੇ ਚਾੜ੍ਹਨ ਅਤੇ ਦਰਸ਼ਕਾਂ/ਪਾਠਕਾਂ ਲਈ ਖਿੱਚ ਦਾ ਕੇਂਦਰ ਬਣਾਉਣ ਲਈ ਵਿਸ਼ੇਸ਼ ਸਾਂਝੇ ਉੱਦਮ ਜੁਟਾਏ ਜਾਣਗੇ।

